Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 195 | Monday, October 10, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਹੁਣ ਹਫਤੇ ਵਿੱਚ 20 ਘੰਟੇ ਤੋਂ ਵੱਧ ਸਮੇਂ ਲਈ ਕੰਮ ਕਰ ਸਕਣਗੇ ਕੌਮਾਂਤਰੀ ਵਿਦਿਆਰਥੀ



ਓਟਵਾ, 9 ਅਕਤੂਬਰ (ਪੋਸਟ ਬਿਊਰੋ) : ਅਰਥਚਾਰੇ ਨੂੰ ਲੀਹ ਉੱਤੇ ਲਿਆਉਣ ਤੇ ਵਿਕਾਸ ਲਈ ਵਰਕਰਜ਼ ਨੂੰ ਲੱਭਣ ਤੇ ਆਪਣੇ ਵਰਕਰਜ਼ ਨੂੰ ਕੰਮ ਉੱਤੇ ਬਣਾਈ ਰੱਖਣ ਲਈ ਇੰਪਲੌਇਰਜ਼ ਨੂੰ ਕਾਫੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੌਜੂਦਾ ਲੇਬਰ ਸਬੰਧੀ ਲੋੜਾਂ ਨੂੰ ਪੂਰਾ ਕਰਨ ਲਈ ਕੈਨੇਡਾ ਸਰਕਾਰ ਵੱਲੋਂ ਸਖ਼ਤ ਕਦਮ ਚੁੱਕੇ ਜਾ ਰਹੇ ਹਨ।

ਇਸ ਸਬੰਧ ਵਿੱਚ ਇਮੀਗ੍ਰੇਸ਼ਨ ਮੰਤਰੀ ਸ਼ਾਨ ਫਰੇਜ਼ਰ ਨੇ ਐਲਾਨ ਕੀਤਾ ਹੈ ਕਿ ਸਰਕਾਰ ਪੋਸਟ ਸੈਕੰਡਰੀ ਕੌਮਾਂਤਰੀ ਵਿਦਿਆਰਥੀਆਂ ਦੇ ਪੜ੍ਹਾਈ ਦੇ ਨਾਲ ਨਾਲ ਹਫਤੇ ਵਿੱਚ 20 ਘੰਟੇ ਕੰਮ ਕਰਨ ਦੀ ਸ਼ਰਤ ਨੂੰ ਆਰਜ਼ੀ ਤੌਰ ਉੱਤੇ ਖ਼ਤਮ ਕਰਨ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਹੁਣ ਇਹ ਕੌਮਾਂਤਰੀ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਜਿੰਨੀ ਦੇਰ ਲਈ ਕੰਮ ਕਰਨਾ ਚਾਹੁਣਗੇ ਕਰ ਸਕਣਗੇ। ਇਸ ਤੋਂ ਭਾਵ ਹੈ ਕਿ ਜਿਹੜੇ ਕੌਮਾਂਤਰੀ ਵਿਦਿਆਰਥੀ ਕੈਨੇਡਾ ਵਿੱਚ ਹਨ ਤੇ ਜਿਨ੍ਹਾਂ ਨੂੰ ਆਪਣੇ ਸਟਡੀ ਪਰਮਿਟ ਨਾਲ ਕੰਮ ਕਰਨ ਦਾ ਅਧਿਕਾਰ ਵੀ ਮਿਲਿਆ ਹੋਇਆ ਹੈ ਹੁਣ ਉਨ੍ਹਾਂ ਲਈ ਹਰ ਹਫਤੇ 20 ਘੰਟੇ ਕੰਮ ਕਰਨ ਦਾ ਨਿਯਮ ਹਟਾਅ ਦਿੱਤਾ ਜਾਵੇਗਾ। ਇਹ ਨਿਯਮ 15 ਨਵੰਬਰ 2022 ਤੋਂ ਸ਼ੁਰੂ ਹੋਵੇਗਾ ਤੇ 31 ਦਸੰਬਰ 2023 ਤੱਕ ਚੱਲੇਗਾ।

ਇਨ੍ਹਾਂ ਤੋਂ ਇਲਾਵਾ ਜਿਹੜੇ ਵਿਦੇਸ਼ੀ ਨਾਗਰਿਕ, ਪਹਿਲਾਂ ਹੀ ਆਪਣੀ ਸਟਡੀ ਪਰਮਿਟ ਐਪਲੀਕੇਸ਼ਨ ਜਮ੍ਹਾਂ ਕਰਵਾ ਚੁੱਕੇ ਹਨ ਤੇ ਉਨ੍ਹਾਂ ਦੀ ਅਰਜੀ ਮਨਜ਼ੂਰ ਹੋ ਜਾਂਦੀ ਹੈ ਤਾਂ ਉਨ੍ਹਾਂ ਨੂੰ ਵੀ ਇਸ ਆਰਜ਼ੀ ਤਬਦੀਲੀ ਤੋਂ ਫਾਇਦਾ ਹੋਵੇਗਾ।

## ਨੌਰਥ ਯੌਰਕ ਵਿੱਚ ਵਾਪਰੇ ਤੀਹਰੇ ਗੋਲੀਕਾਂਡ ਦੀ ਜਾਂਚ ਕਰ ਰਹੀ ਹੈ ਪੁਲਿਸ



ਟੋਰਾਂਟੋ, 9 ਅਕਤੂਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਵਾਪਰੇ ਤੀਹਰੇ ਗੋਲੀਕਾਂਡ ਵਿੱਚ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਇਨ੍ਹਾਂ ਤਿੰਨਾਂ ਵਿਅਕਤੀਆਂ ਦੀ ਹਾਲਤ ਗੰਭੀਰ ਤੋਂ ਲੈ ਕੇ ਜਾਨਲੇਵਾ ਤੱਕ ਹੈ।

ਪੁਲਿਸ ਨੇ ਦੱਸਿਆ ਕਿ ਐਤਵਾਰ ਰਾਤ ਨੂੰ ਕਈ ਗੋਲੀਆਂ ਚੱਲਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਜਦੋਂ ਉਹ ਫਿੰਚ ਐਵਨਿਊ ਵੈਸਟ ਤੇ ਆਲਨੈੱਸ ਸਟਰੀਟ ਏਰੀਆ ਵਿੱਚ ਪਹੁੰਚੇ ਤਾਂ ਉੱਥੇ ਉਨ੍ਹਾਂ ਨੂੰ ਇਹ ਤਿੰਨੇ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ।

ਪੁਲਿਸ ਨੂੰ ਇਸ ਇਲਾਕੇ ਵਿੱਚੋਂ ਗੋਲੀਆਂ ਦੇ ਕਈ ਖੋਲ ਵੀ ਮਿਲੇ ਹਨ। ਪਰ ਅਜੇ ਤੱਕ ਮਸ਼ਕੂਕਾਂ ਬਾਰੇ ਪੁਲਿਸ ਵੱਲੋਂ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ।

## ਹਾਕੀ ਕੈਨੇਡਾ ਦੀ ਡਾਇਰੈਕਟਰ ਤੇ ਅੰਤਰਿਮ ਚੇਅਰ ਨੇ ਦਿੱਤਾ ਅਸਤੀਫਾ



ਓਟਵਾ, 9 ਅਕਤੂਬਰ (ਪੋਸਟ ਬਿਊਰੋ) : ਹਾਕੀ ਕੈਨੇਡਾ ਉੱਤੇ ਕਥਿਤ ਤੌਰ ਉੱਤੇ ਲੱਗੇ ਜਿਨਸੀ ਹਮਲਿਆਂ ਦੇ ਦੋਸ਼ਾਂ ਨੂੰ ਸਹੀ ਢੰਗ ਨਾਲ ਨਾ ਸਿੱਝਣ ਦੇ ਦੋਸ਼ਾਂ ਦਾ ਮੁੱਦਾ ਗਰਮਾਉਣ ਅਤੇ ਚਾਰੇ ਪਾਸਿਆਂ ਤੋਂ ਆਰਗੇਨਾਈਜ਼ੇਸ਼ਨ ਉੱਤੇ ਪੈ ਰਹੇ ਦਬਾਅ ਤੋਂ ਬਾਅਦ ਬੋਰਡ ਆਫ ਹਾਕੀ ਦੀ ਡਾਇਰੈਕਟਰ ਤੇ ਅੰਤਰਿਮ ਚੇਅਰ ਐਂਡਰੀਆ ਸਕਿੰਨਰ ਨੇ ਅਸਤੀਫਾ ਦੇ ਦਿੱਤਾ ਹੈ। ਇਹ ਖੁਲਾਸਾ ਹਾਕੀ ਕੈਨੇਡਾ ਬੋਰਡ ਆਫ ਡਾਇਰੈਕਟਰਜ਼ ਵੱਲੋਂ ਸ਼ਨਿੱਚਰਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਹੋਇਆ।

ਸਕਿੰਨਰ ਨੇ ਇੱਕ ਬਿਆਨ ਵਿੱਚ ਆਖਿਆ ਕਿ ਉਸ ਨੇ ਵਾਲੰਟੀਅਰ ਵਜੋਂ ਨਵੰਬਰ 2020 ਵਿੱਚ ਹਾਕੀ ਕੈਨੇਡਾ ਬੋਰਡ ਆਫ ਡਾਇਰੈਕਟਰਜ਼ ਜੁਆਇਨ ਕੀਤੀ ਸੀ। ਉਸ ਨੇ ਆਖਿਆ ਕਿ ਤਾਜ਼ਾ ਘਟਨਾਕ੍ਰਮ ਤੋਂ ਬਾਅਦ ਹੁਣ ਉਸ ਲਈ ਇਸ ਅਹੁਦੇ ਉੱਤੇ ਕੰਮ ਕਰਦੇ ਰਹਿਣ ਦੇ ਕੋਈ ਮਾਇਨੇ ਨਹੀਂ ਹਨ। ਇਸ ਤੋਂ ਪਹਿਲਾਂ ਮੰਗਲਵਾਰ ਨੂੰ ਪਾਰਲੀਆਮੈਂਟਰੀ ਕਮੇਟੀ ਦੀ ਸੁਣਵਾਈ ਦੌਰਾਨ ਸਕਿੰਨਰ ਵੱਲੋਂ ਹਾਕੀ ਕੈਨੇਡਾ ਵੱਲੋਂ ਜਿਨਸੀ ਹਮਲੇ ਸਬੰਧੀ ਲਾਏ ਗਏ ਦੋਸ਼ਾਂ ਨੂੰ ਸਹੀ ਢੰਗ ਨਾਲ ਨਜਿੱਠਣ ਦਾ ਪੱਖ ਪੂਰਿਆ ਗਿਆ ਸੀ।

...ਬਾਕੀ ਪੰਨਾ 2 'ਤੇ

## ਏਟੀਵੀ ਹਾਦਸੇ ਦੀ ਜਾਂਚ ਕਰ ਰਹੀ ਹੈ ਪੁਲਿਸ

ਹੈਮਿਲਟਨ, 9 ਅਕਤੂਬਰ (ਪੋਸਟ ਬਿਊਰੋ) : ਹੈਮਿਲਟਨ ਦੇ ਪੇਂਡੂ ਇਲਾਕੇ ਵਿੱਚ ਏਟੀਵੀ ਨੂੰ ਪੇਸ਼ ਆਏ ਹਾਦਸੇ ਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਹਾਦਸੇ ਵਿੱਚ ਦੋ ਬੱਚਿਆਂ ਦੀ ਮੌਤ ਹੋ ਗਈ ਤੇ ਉਨ੍ਹਾਂ ਦੇ ਪਿਤਾ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 35 ਸਾਲਾ ਹੈਮਿਲਟਨ ਦਾ ਵਿਅਕਤੀ ਆਪਣੀ 8 ਸਾਲਾ ਬੱਚੀ ਤੇ 6 ਸਾਲਾ ਲੜਕੇ ਨਾਲ ਏਟੀਵੀ ਵਿੱਚ ਜਾ ਰਿਹਾ ਸੀ ਕਿ ਅਚਾਨਕ ਮਾਈਲਜ਼ ਰੋਡ ਦੇ ਪੱਛਮ ਵੱਲ ਗੱਡੀ 10 ਮੀਟਰ ਡੂੰਘੇ ਤਲਾਅ ਵਿੱਚ ਜਾ ਡਿੱਗੀ। ਹੈਮਿਲਟਨ ਪੁਲਿਸ ਨੇ ਦੱਸਿਆ ਕਿ ਉਹ ਵਿਅਕਤੀ ਪਾਣੀ ਵਿੱਚੋਂ ਬਾਹਰ ਆਉਣ ਵਿੱਚ ਕਾਮਯਾਬ ਹੋ ਗਿਆ ਤੇ ਫਿਰ ਉਸ ਨੇ ਬਾਹਰ ਆ ਕੇ ਮਦਦ ਮੰਗੀ।

ਪੁਲਿਸ ਅਧਿਕਾਰੀਆਂ, ਫਾਇਰ ਫਾਈਟਰਜ਼ ਤੇ ਪੈਰਾਮੈਡਿਕਸ ਦੀ ਟੀਮ ਨੇ ਮਿਲ ਕੇ ਬੱਚਿਆਂ ਨੂੰ ਪਾਣੀ ਵਿੱਚੋਂ ਬਾਹਰ ਕੱਢ ਲਿਆ ਤੇ ਉਨ੍ਹਾਂ ਨੂੰ ਹਸਪਤਾਲ ਭੇਜਿਆ ਗਿਆ ਪਰ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਦੇ ਬਾਵਜੂਦ ਉਨ੍ਹਾਂ ਦੀ ਮੌਤ ਹੋ ਗਈ। ਸਟਾਫ ਸਾਰਜੈਂਟ ਪਾਲ ਕੌਰੀਗਨ ਨੇ ਇੱਕ ਇੰਟਰਵਿਊ ਵਿੱਚ ਆਖਿਆ ਕਿ ਅਜੇ ਤੱਕ ਪੁਲਿਸ ਇਹ ਪਤਾ ਨਹੀਂ ਲਗਾ ਸਕੀ ਹੈ ਕਿ ਏਟੀਵੀ ਤਲਾਅ ਵਿੱਚ ਕਿਉਂ ਡਿੱਗੀ। ਵਿਅਕਤੀ ਦੇ ਸ਼ਰਾਬ ਪੀ ਕੇ ਗੱਡੀ ਚਲਾਉਣ ਦੀ ਸੰਭਾਵਨਾ ਤੋਂ ਵੀ ਇਨਕਾਰ ਕਰ ਦਿੱਤਾ ਗਿਆ ਹੈ।

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

OURR HOME & APPLIANCES
UPGRADE TO SMART SCREEN FRIDGE IN JUST $499
FALL For Ourr Exclusive Deals
PRICE $4699
KitchenAid | moffat | MAYTAG | LG | SAMSUNG | Electrolux | JENNAIR | BOSCH | Whirlpool
416-551-5553
WWW.OURRHOMEAPPLIANCES.COM

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

Pure Vegetarian
MUFFIN'S INDIAN SWEETS & RESTAURANT
CALL (905)794-3007
NOW OPEN AT EMBASSY GRAND PLAZA
#6-8770 THE GORE RD, BRAMPTON, ON L6P 0B1
SPECIAL OFFER
FREE CHOLE BHATURE WHEN YOU SPEND OVER $20
TIFFEN SERVICES ARE ALSO AVAILABLE

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

HELPING YOU PLAN TODAY...FOR TOMORROW
Supervisa / Visitor Insurance
Life / Mortgage/Funeral Insurance
Disability Insurance
Critical Illness Insurance
RESP / RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕ੍ਰੈਡਿਟ ਕਾਰਡ, ਬੈਂਕ ਕਰਜ਼ਿਆਂ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control :
Mouse & Rats
Cockroaches
Spiders & Fleas
Carpenter Ants
Bedbugs
Silver Fish
Wasps
Racoons
Call : PARESH PATEL
416 938 4598

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਠੱਗੀਆਂ ਮਾਰਨ ਤੋਂ ਨਹੀਂ ਏਜੰਟ ਰਹਿੰਦੇ,
ਜਿੱਥੇ ਦਾਅ ਲੱਗਣ, ਤਕੜਾ ਲਾਈ ਜਾਂਦੇ।
ਲੁੱਟ ਕੇ ਲੋਕਾਂ ਨੂੰ ਕਰਨ ਕੰਗਾਲ ਸ਼ੋਹਦੇ,
ਕੱਟ ਕੱਟ ਜੇਬ ਹਨ ਕਰੀ ਕਮਾਈ ਜਾਂਦੇ।
ਕਾਗਜ਼ ਪੱਤਰ ਵੀ ਪੂਰਾ ਨਾ ਵੇਖਦੇ ਉਹ,
ਸੁਫਨੇ ਵਿੱਚ ਹਨ ਮਹਿਲ ਵਿਖਾਈ ਜਾਂਦੇ।
ਲਾਰੇ ਜਰਮਨ, ਫਰਾਂਸ ਦੇ ਲਾਉਣ ਪਿੱਛੋਂ,
ਸਮੁੰਦਰੀ ਟਾਪੂਆਂ ਅੰਦਰ ਫਸਾਈ ਜਾਂਦੇ।
ਫਸਿਆ ਕਿਸੇ ਦਾ ਪੁੱਤਰ ਜਾਂ ਧੀ ਕਿਧਰੇ,
ਗੱਲਾਂ ਬਾਤਾਂ ਵਿੱਚਗੱਲ ਟਰਕਾਈ ਹੁੰਦੀ।
ਕਿਸੇ ਕਾਨੂੰਨ ਦੀ ਕਰਨ ਪਰਵਾਹ ਹੈ ਨਾ,
ਕੁੰਡੀ ਆਗੂਆਂ ਤੀਕਰ ਆ ਪਾਈ ਹੁੰਦੀ।

**ਤੀਸ ਮਾਰ ਖਾਂ**

# ਹਾਕੀ ਕੈਨੇਡਾ ਦੀ ਡਾਇਰੈਕਟਰ ਤੇ ਅੰਤਰਿਮ ਚੇਅਰ ਨੇ ਦਿੱਤਾ ਅਸਤੀਫਾ

ਪੰਨਾ 1 ਦਾ ਬਾਕੀ

6 ਅਗਸਤ ਨੂੰ ਬੋਰਡ ਦੇ ਸਾਬਕਾ ਚੇਅਰ ਮਾਈਕਲ ਬ੍ਰਿੰਡਆਮਰ ਵੱਲੋਂ ਅਹੁਦਾ ਛੱਡਣ ਤੋਂ ਬਾਅਦ ਸਕਿੰਨਰ ਨੇ ਸਿਰਫ ਦੋ ਮਹੀਨੇ ਤੱਕ ਹੀ ਅੰਤਰਿਮ ਚੇਅਰ ਵਜੋਂ ਸੇਵਾ ਨਿਭਾਈ।

ਹਾਕੀ ਕੈਨੇਡਾ ਦੇ ਸੀਈਓ ਸਕੌਟ ਸਮਿੱਥ ਉੱਤੇ ਵੀ ਅਸਤੀਫਾ ਦੇਣ ਲਈ ਕਾਫੀ ਦਬਾਅ ਪਿਆ ਹੋਇਆ ਹੈ। ਜ਼ਿਕਰਯੋਗ ਹੈ ਕਿ ਇਹ ਮਾਮਲਾ ਕਾਫੀ ਵੱਧ ਚੁੱਕਿਆ ਹੈ ਤੇ ਫੈਡਰਲ ਸਰਕਾਰ ਵੱਲੋਂ ਹਾਕੀ ਕੈਨੇਡਾ ਦੀ ਫੰਡਿੰਗ ਰੋਕ ਦਿੱਤੀ ਗਈ ਹੈ। ਇੱਥੇ ਹੀ ਬੱਸ ਨਹੀਂ ਨਾਇਕੀ, ਕੈਨੇਡੀਅਨ ਟਾਇਰ, ਸਕੋਸ਼ੀਆ ਬੈਂਕ ਤੇ ਟਿੰਮ ਹੌਰਟਨਜ਼ ਵਰਗੀਆਂ ਕੰਪਨੀਆਂ ਵੱਲੋਂ ਵੀ ਹਾਕੀ ਕੈਨੇਡਾ ਨੂੰ ਦਿੱਤੀ ਜਾ ਰਹੀ ਸਪਾਂਸਰਸ਼ਿਪ ਉੱਤੇ ਰੋਕ ਲਾ ਦਿੱਤੀ ਗਈ ਹੈ।

## ਵੱਡੀਆਂ ਕੰਪਨੀਆਂ ਦੇ ਨਾਂ 'ਤੇ ਠੱਗੀ ਮਾਰਨ ਵਾਲਾ ਗਿਰੋਹ ਕਾਬੂ

ਨਵੀਂ ਦਿੱਲੀ, 9 ਅਕਤੂਬਰ (ਪੋਸਟ ਬਿਊਰੋ)- ਦਿੱਲੀ ਪੁਲਸ ਦੀ ਸਾਈਬਰ ਕ੍ਰਾਈਮ ਯੂਨਿਟ ਨੇ ਵੱਡੀਆਂ ਕੰਪਨੀਆਂ ਦੇ ਨਾਂ 'ਤੇ ਠੱਗੀ ਕਰਨ ਵਾਲੇ ਇਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਗਿਰੋਹ ਕੰਪਨੀਆਂ ਨੂੰ ਡੀਲਰਸ਼ਿਪ ਅਤੇ ਫਰੈਂਚਾਇਜ਼ੀ ਦੇਣ ਦੇ ਨਾਂ 'ਤੇ ਠੱਗੀ ਮਾਰਦਾ ਸੀ। ਦਿੱਲੀ ਪੁਲਿਸ ਨੇ ਇਸ ਮਾਮਲੇ ਵਿੱਚ ਵੱਖ-ਵੱਖ ਰਾਜਾਂ ਤੋਂ 12 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਆਈਐਫਐਸਸੀ ਦੇ ਡੀਸੀਪੀ ਪ੍ਰਸ਼ਾਂਤ ਪ੍ਰਿਆ ਗੌਤਮ ਨੇ ਦੱਸਿਆ ਕਿ ਇਨ੍ਹਾਂ ਲੋਕਾਂ ਨੂੰ ਦਿੱਲੀ, ਐਨਸੀਆਰ, ਮੁੰਬਈ, ਵਾਰਾਣਸੀ ਅਤੇ ਬਿਹਾਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ।

ਮੁਲਜ਼ਮਾਂ ਨੇ ਸ਼ਾਈਨ ਡਾਟ ਕਾਮ (ਐਚਟੀ ਮੀਡੀਆ ਲਿਮਟਿਡ), ਸ਼ਾ-ਪਰਜ਼ ਸਟਾਪ, ਡਾਬਰ ਇੰਡੀਆ ਲਿਮਟਿਡ ਅਤੇ ਇੰਡੀਆ ਮਾਰਟ ਵਰਗੀਆਂ ਪ੍ਰਮੁੱਖ ਫਰਮਾਂ ਅਤੇ ਕੰਪਨੀਆਂ ਦੇ ਨਾਂ 'ਤੇ ਬਣਾਈਆਂ ਗਈਆਂ ਫਰਜ਼ੀ ਵੈੱਬਸਾਈਟਾਂ, ਈ-ਮੇਲ ਆਈਡੀ ਦੀ ਵਰਤੋਂ ਕਰਕੇ ਫਰੈਂਚਾਇਜ਼ੀ ਅਤੇ ਡੀਲਰਸ਼ਿਪ ਦੀ ਪੇਸ਼ਕਸ਼ ਕਰਕੇ ਪੀੜਤਾਂ ਨੂੰ ਧੋਖਾ ਦਿੱਤਾ। ਜਾਂਚ ਦੌਰਾਨ ਟੀਮ ਨੇ ਕਥਿਤ ਵੈੱਬਸਾਈਟਾਂ, ਈਮੇਲ ਆਈਡੀ, ਬੈਂਕ ਡਿਟੇਲ ਆਦਿ ਬਾਰੇ ਤਕਨੀਕੀ ਜਾਣਕਾਰੀ ਇਕੱਠੀ ਕੀਤੀ ਅਤੇ ਜਾਂਚ ਦੇ ਆਧਾਰ 'ਤੇ 7 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

# ਪਾਕਿਸਤਾਨ ਦੀ ਮਦਦ ਲਈ ਅੱਗੇ ਆਇਆ ਸੰਯੁਕਤ ਰਾਸ਼ਟਰ, ਅੰਤਰਰਾਸ਼ਟਰੀ ਭਾਈਚਾਰੇ ਤੋਂ ਮਦਦ ਦੀ ਕੀਤੀ ਅਪੀਲ

ਸੰਯੁਕਤ ਰਾਸ਼ਟਰ, 9 ਅਕਤੂਬਰ (ਪੋਸਟ ਬਿਊਰੋ)- ਸੰਯੁਕਤ ਰਾਸ਼ਟਰ ਮਹਾਸਭਾ ਨੇ ਪਾਕਿਸਤਾਨ ਲਈ ਮਤਾ ਪਾਸ ਕੀਤਾ ਹੈ। ਮਤੇ ਵਿੱਚ ਅੰਤਰਰਾਸ਼ਟਰੀ ਭਾਈਚਾਰੇ ਨੂੰ ਹੜ੍ਹ ਪ੍ਰਭਾਵਿਤ ਪਾਕਿਸਤਾਨ ਪ੍ਰਤੀ ਰਾਜਨੀਤਿਕ ਇੱਛਾ ਸ਼ਕਤੀ ਦਿਖਾਉਣ ਲਈ ਕਿਹਾ ਗਿਆ ਹੈ ਤਾਂ ਜੋ ਦੇਸ਼ ਨੂੰ ਸਥਿਤੀ ਤੋਂ ਉਭਰਨ ਵਿੱਚ ਮਦਦ ਕੀਤੀ ਜਾ ਸਕੇ। ਜਨਰਲ ਅਸੈਂਬਲੀ ਵਿੱਚ ਪਾਸ ਕੀਤੇ ਮਤੇ ਵਿੱਚ ਸਾਰੇ ਸਬੰਧਤ ਨੁਕਤੇ ਸ਼ਾਮਲ ਕੀਤੇ ਗਏ ਸਨ। ਪ੍ਰਸਤਾਵ ਨੇ ਸੰਯੁਕਤ ਰਾਸ਼ਟਰ ਨੂੰ ਪਾਕਿਸਤਾਨ ਦੀਆਂ ਲੋੜਾਂ ਪ੍ਰਤੀ "ਅੰਤਰਰਾਸ਼ਟਰੀ ਭਾਈਚਾਰੇ ਨੂੰ ਸੰਵੇਦਨਸ਼ੀਲ" ਬਣਾਉਣ ਅਤੇ "ਪ੍ਰਭਾਵਸ਼ਾਲੀ, ਤੁਰੰਤ ਅਤੇ ਢੁਕਵੀਂ ਅੰਤਰਰਾਸ਼ਟਰੀ ਸਹਾਇਤਾ ਅਤੇ ਸਹਾਇਤਾ" ਜੁਟਾਉਣ ਲਈ ਯਤਨ ਤੇਜ਼ ਕਰਨ ਦੀ ਅਪੀਲ ਕੀਤੀ। ਜ਼ਿਕਰਯੋਗ ਹੈ ਕਿ ਪਾਕਿਸਤਾਨ 'ਚ ਹੜ੍ਹ ਕਾਰਨ ਕਰੀਬ 33 ਮਿਲੀਅਨ ਲੋਕ ਪ੍ਰਭਾਵਿਤ ਹੋਏ ਹਨ। ਮੱਧ ਜੂਨ ਦੇ ਹੜ੍ਹਾਂ ਵਿੱਚ 1,700 ਤੋਂ ਵੱਧ ਲੋਕ ਮਾਰੇ ਗਏ ਸਨ। ਲਗਭਗ 80 ਲੱਖ ਲੋਕ ਬੇਘਰ ਹੋ ਗਏ ਅਤੇ ਸੈਂਕੜੇ ਅਜੇ ਵੀ ਸ਼ਰਨਾਰਥੀ ਕੈਂਪਾਂ ਵਿੱਚ ਰਹਿੰਦੇ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

# ਆਇਰਲੈਂਡ ਦੇ ਡੋਨੇਗਲ ਵਿੱਚ ਗੈਸ ਸਟੇਸ਼ਨ ਵਿਚ ਧਮਾਕਾ, 10 ਮੌਤਾਂ

ਡਬਲਿਨ, 9 ਅਕਤੂਬਰ (ਪੋਸਟ ਬਿਊਰੋ): ਆਇਰਲੈਂਡ ਦੇ ਡੋਨੇਗਲ ਵਿੱਚ ਇੱਕ ਗੈਸ ਸਟੇਸ਼ਨ ਵਿੱਚ ਧਮਾਕਾ ਹੋਇਆ ਹੈ। ਇਸ 'ਚ 10 ਲੋਕਾਂ ਦੀ ਮੌਤ ਹੋ ਗਈ। ਖਬਰਾਂ ਮੁਤਾਬਕ ਇਹ ਘਟਨਾ ਰਾਤ ਨੂੰ ਵਾਪਰੀ। ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਹੁਣ ਪੁਲਿਸ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਹਾਦਸੇ ਵਿੱਚ 10 ਲੋਕਾਂ ਦੀ ਜਾਨ ਚਲੀ ਗਈ ਹੈ। ਆਇਰਲੈਂਡ ਦੇ ਪ੍ਰਧਾਨ ਮੰਤਰੀ ਮਾਈਕਲ ਮਾਰਟਿਨ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਨੇ ਟਵੀਟ ਕੀਤਾ ਕਿ ਵਿਨਾਸ਼ਕਾਰੀ ਧਮਾਕੇ ਤੋਂ ਬਾਅਦ ਕ੍ਰਿਸਲੋ ਦੇ ਪੂਰੇ ਭਾਈਚਾਰੇ ਪ੍ਰਤੀ ਅਸੀਂ ਸੰਵੇਦਨਾ ਪ੍ਰਗਟਾਉਂਦੇ ਹਾਂ। ਅਸੀਂ ਉਨ੍ਹਾਂ ਦੇ ਨਾਲ ਹਾਂ। ਸਾਰੀਆਂ ਐਮਰਜੈਂਸੀ ਸੇਵਾਵਾਂ ਇਸ ਦਰਦਨਾਕ ਸਥਿਤੀ ਨਾਲ ਨਜਿੱਠਣ ਲਈ ਕੰਮ ਕਰ ਰਹੀਆਂ ਹਨ।

ਇੱਕ ਅਧਿਕਾਰੀ ਡੇਵਿਡ ਕੈਲੀ



ਨੇ ਦੱਸਿਆ ਕਿ ਇਹ ਧਮਾਕਾ ਉੱਤਰੀ ਪੱਛਮੀ ਆਇਰਲੈਂਡ ਦੇ ਡੋਨੇਗਲ ਕਾਉਂਟੀ ਦੇ ਇੱਕ ਛੋਟੇ ਜਿਹੇ ਪਿੰਡ ਕ੍ਰੇਸਲੋ ਵਿੱਚ ਐਪਲਗ੍ਰੀਨ ਪੈਟਰੋਲ ਸਟੇਸ਼ਨ 'ਤੇ ਹੋਇਆ। ਧਮਾਕਾ ਇੰਨਾ ਭਿਆਨਕ ਸੀ ਕਿ ਆਸ-ਪਾਸ ਦੀਆਂ ਕੁਝ ਇਮਾਰਤਾਂ ਤਬਾਹ ਹੋ ਗਈਆਂ। ਮੌਕੇ 'ਤੇ ਖੜ੍ਹੀਆਂ ਕਾਰਾਂ ਵੀ ਮਲਬੇ 'ਚ ਤਬਦੀਲ ਹੋ ਗਈਆਂ। ਇਸ 'ਚ 3 ਔਰਤਾਂ, 3 ਬੱਚਿਆਂ ਸਮੇਤ 10 ਲੋਕਾਂ ਦੀ ਮੌਤ ਹੋ ਗਈ।

ਡੇਵਿਡ ਕੇਲੀ ਨੇ ਕਿਹਾ ਕਿ ਪੈਟਰੋਲ ਸਟੇਸ਼ਨ 'ਤੇ ਧਮਾਕੇ ਦਾ ਕਾਰਨ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

WE'RE HIRING
Esthetician/Hairstylist
Fantasie Salon And Spa is hiring both the positions
full time and part time
Minimum 2 years of experience required.
Contact 437-999-9300

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com


SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਖਿੜਕੀਆਂ ਅਤੇ ਦਰਵਾਜੇ ਲਗਵਾਓ
Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
CANADIAN GLASS AND WINDOW
SINGH (TOCHI)
416-454-3031
647-784-8240
Email: tochisangha1@hotmail.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਅਮਰੀਕਾ ਵਿਚ ਹੋਈ ਪੰਜਾਬੀ ਪਰਿਵਾਰ ਦੀ ਹੱਤਿਆ ਵਿੱਚ ਇਕ ਤੋਂ ਵਧ ਲੋਕ ਸ਼ਾਮਿਲ, ਪੁਲਿਸ ਦਾ ਦਾਅਵਾ

* ਅਜੇ ਤੱਕ ਗ੍ਰਿਫਤਾਰ ਸ਼ੱਕੀ ਵਿਰੁੱਧ ਨਹੀਂ ਹੋਇਆ ਮਾਮਲਾ ਦਰਜ



ਮੁਲਜ਼ਮ ਹਸੂਸ ਮੈਨੂਅਲ ਸਲਗਾਡੋ



ਮ੍ਰਿਤਕ ਪਰਿਵਾਰ ਦੀਆਂ ਫਾਈਲ ਫੋਟੋਆਂ।

ਸੈਕਰਾਮੈਂਟੋ 7 ਅਕਤੂਬਰ (ਹੁਸਨ ਲੜੋਆ ਬੰਗਾ)- ਅਮਰੀਕਾ ਦੇ ਕੈਲੀਫੋਰਨੀਆ ਰਾਜ ਵਿਚ ਇਕ ਹੱਸਦੇ ਵੱਸਦੇ ਪੰਜਾਬੀ ਪਰਿਵਾਰ ਦੇ ਇਕ 8 ਮਹੀਨਿਆਂ ਦੀ ਬੱਚੀ ਸਮੇਤ 4 ਜੀਆਂ ਨੂੰ ਅਗਵਾ ਕਰਕੇ ਕੀਤੀ ਹੱਤਿਆ ਦੇ ਮਾਮਲੇ ਵਿਚ ਪੁਲਿਸ ਨੇ ਅਜੇ ਤੱਕ ਗ੍ਰਿਫਤਾਰ ਕੀਤੇ ਇਕ 48 ਸਾਲਾਂ ਦੇ ਮੈਕਸੀਕਨ ਮੂਲ ਦੇ ਹਸੂਸ ਮੈਨੂਅਲ ਸਲਗਾਡੋ ਵਿਰੁੱਧ ਕੋਈ ਮਾਮਲਾ ਦਰਜ ਨਹੀਂ ਕੀਤਾ ਹੈ। ਪੁਲਿਸ ਦਾ ਕਹਿਣਾ ਹੈ ਕਿ ਇਹ ਕੰਮ ਇਕੱਲੇ ਸਲਗਾਡੋ ਦਾ ਨਹੀਂ ਹੈ। ਇਸ ਅਤਿ ਘਿਣਾਉਣੇ ਜੁਰਮ ਵਿਚ ਉਸ ਨਾਲ ਹੋਰ ਲੋਕ ਸ਼ਾਮਲ ਹੋ ਸਕਦੇ ਹਨ ਜਿਸਦਾ ਕਿ ਪਹਿਲਾਂ ਹੀ ਸ਼ੱਕ ਕੀਤਾ ਜਾ ਰਿਹਾ ਸੀ। ਮਰਸਡ ਕਾਊਂਟੀ ਦੇ ਸ਼ੈਰਫ ਮੁੱਖੀ ਵੇਰਨ ਵੇਰਨਕੀ ਦਾ ਮੰਨਣਾ ਹੈ ਕਿ ਪੁਲਿਸ ਵੱਲੋਂ ਅਧਿਕਾਰਤ ਤੌਰ 'ਤੇ ਪਰਿਵਾਰ ਦੇ ਲਾਪਤਾ ਹੋਣ ਦੀ ਸੂਚਨਾ ਜਾਰੀ ਕਰਨ ਤੋਂ ਪਹਿਲਾਂ ਹੀ ਉਨਾਂ ਦੀ ਹੱਤਿਆ ਹੋ ਗਈ ਸੀ। ਉਨਾਂ ਕਿਹਾ ਹੈ ਕਿ ਅਜਿਹਾ ਲੱਗਦਾ ਹੈ ਕਿ ਜਿਸ ਸਥਾਨ ਤੋਂ ਲਾਸ਼ਾਂ ਮਿਲੀਆਂ ਹਨ, ਉਸ ਜਗਾ 'ਤੇ ਹੀ ਉਨਾਂ ਦੀ ਹੱਤਿਆ ਕੀਤੀ ਗਈ ਹੈ। ਪਰਿਵਾਰ ਦੇ ਜੀਆਂ ਨੂੰ ਮਾਰਨ ਲਈ ਕੀ ਢੰਗ-ਤਰੀਕਾ ਵਰਤਿਆ ਗਿਆ ਇਸ ਬਾਰੇ ਵੀ ਪੁਲਿਸ ਨੇ ਕੋਈ ਜਾਣਕਾਰੀ ਨਹੀਂ ਦਿੱਤੀ ਹੈ। ਸ਼ੈਰਫ ਮੁੱਖੀ ਵਾਰਨਕੇ ਅਨੁਸਾਰ ਸਲਗਾਡੋ ਮੁੱਖ ਦੋਸ਼ੀ ਹੈ ਪਰੰਤੂ ਜਾਂਚਕਾਰਾਂ ਦਾ ਵਿਸ਼ਵਾਸ਼ ਹੈ ਕਿ ਪਰਿਵਾਰ ਦੀ ਹੱਤਿਆ ਵਿੱਚ ਹੋਰ ਲੋਕ ਵੀ ਸ਼ਾਮਿਲ ਹੋ ਸਕਦੇ ਹਨ ਜਿਨਾਂ ਦਾ ਪਤਾ ਲਾਇਆ ਜਾ ਰਿਹਾ ਹੈ। ਸ਼ੈਰਫ ਮੁੱਖੀ ਵੇਰਨ ਵੇਰਨਕੀ ਨੇ ਕਿਹਾ ਹੈ ਕਿ ਮੈਨੂੰ ਪੂਰਾ ਵਿਸ਼ਵਾਸ਼ ਹੈ ਕਿ ਇਸ ਮਾਮਲੇ ਵਿਚ ਇਕ ਤੋਂ ਵਧ ਵਿਅਕਤੀ ਸ਼ਾਮਿਲ ਹਨ ਜਿਨਾਂ ਨੂੰ ਕਟਹਿਰੇ ਵਿਚ ਖੜਾ ਕੀਤਾ ਜਾਵੇਗਾ। ਹੱਤਿਆਵਾਂ ਕਿਉਂ ਕੀਤੀਆਂ ਗਈਆਂ, ਇਸ ਬਾਰੇ ਵੀ ਪੁਲਿਸ ਨੇ ਅਜੇ ਕੋਈ ਖੁਲਾਸਾ ਨਹੀਂ ਕੀਤਾ ਹੈ। ਪੁਲਿਸ ਦਾ ਕਹਿਣਾ ਹੈ ਕਿ ਉਹ ਹੱਤਿਆ ਪਿੱਛੇ ਕਾਰਨਾਂ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਮ੍ਰਿਤਕਾਂ ਵਿਚ 8 ਮਹੀਨੇ ਦੀ ਬੱਚੀ ਅਰੂਹੀ ਢੇਰੀ, ਉਸ ਦੇ ਮਾਤਾ ਪਿਤਾ ਜਸਲੀਨ ਕੌਰ , ਜਸਦੀਪ ਸਿੰਘ ਤੇ ਤਾਇਆ ਅਮਨਦੀਪ ਸਿੰਘ ਸ਼ਾਮਿਲ ਹੈ ਜਿਨਾਂ ਦੀਆਂ ਲਾਸ਼ਾਂ ਬੀਤੇ ਦਿਨ ਪੁਲਿਸ ਨੇ ਬਰਾਮਦ ਕਰ ਲਈਆਂ ਸਨ। ਇਥੇ ਜਿਕਰਯੋਗ ਹੈ ਗ੍ਰਿਫਤਾਰ ਸਲਗਾਡੋ ਪਹਿਲਾਂ ਇਕ ਦਹਾਕਾ ਤੋਂ ਵਧ ਸਮਾਂ ਜੇਲ ਵਿਚ ਰਹਿ ਚੁੱਕਾ ਹੈ ਉਹ ਵੀ ਅਗਵਾ ਦਾ ਹੀ ਕੇਸ ਸੀ । ਜਨਵਰੀ 2007 ਵਿਚ ਉਸ ਨੂੰ ਇਕ ਮਾਮਲੇ ਵਿਚ 11 ਸਾਲ ਦੀ ਸਜ਼ਾ ਹੋਈ ਸੀ। ਜੂਨ 2015 ਵਿਚ ਉਹ ਪੈਰੋਲ ਉਪਰ ਰਿਹਾਅ ਹੋਇਆ ਸੀ। ਪੈਰੋਲ ਸੁਪਰਵੀਜ਼ਨ ਸਮਾਂ ਜੂਨ 2018 ਵਿਚ ਸਮਾਪਤ ਹੋਇਆ ਸੀ।

ਦੂਸਰੇ ਪਾਸੇ ਇਸ ਸਦਮੇ ਤੋਂ ਸਹਿਮੇ ਹੋਏ ਪੰਜਾਬੀ ਭਾਈਚਾਰੇ ਵਲੋਂ ਸ਼ੁਕਰਵਾਰ ਤੇ ਸ਼ਨੀਵਾਰ ਨੂੰ ਮਰਸਿਡ, ਸਟਾਕਟਨ, ਸੈਕਰਾਮੈਂਟੋ ਤੇ ਹੋਰ ਵੱਖ ਵੱਖ ਥਾਵਾਂ ਤੇ ਸ਼ੋਕ ਸਭਾਵਾਂ ਤੋਂ ਇਲਾਵਾ ਕੈਂਡਲ ਵਿਜ਼ਲ ਕੀਤੇ ਜਾ ਰਹੇ ਹਨ, ਸ਼ਨੀਵਾਰ ਨੂੰ ਕੈਲੀਫੋਰਨੀਆ ਦੀ ਰਾਜਧਾਨੀ ਸੈਕਰਾਮੈਂਟੋ ਦੇ ਕੈਪੀਟਲ ਭਾਵ ਗਵਰਨਰ ਹਾਊਸ ਅੱਗੇ ਕੈਂਡਲ ਵਿਜ਼ਲ ਕੀਤਾ ਜਾ ਰਿਹਾ ਹੈ ਜਿਸ ਵਿੱਚ ਸੈਕਰਾਮੈਂਟੋ ਮੇਅਰ, ਅਸੈਂਬਲੀਮੈਨ, ਕਾਂਗਰਸਮੈਂਨ ਤੇ ਸੈਨੇਟਰ ਤੋਂ ਇਲਾਵਾ ਸਿੱਖ ਭਾਈਚਾਰਾ ਸਮੂਲੀਅਤ ਕਰ ਰਿਹਾ ਹੈ।

## 'ਅੰਤਰਰਾਸ਼ਟਰੀ ਅਧਿਆਪਕ ਦਿਵਸ' ਮੌਕੇ ਡਾ: ਸੰਦੀਪ ਸਿੰਘ ਮੁੰਡੇ ਕੈਨੇਡਾ ਵਿਚ ਸਨਮਾਨਿਤ



ਸ਼੍ਰੀ ਗੰਗਾਨਗਰ, 9 ਅਕਤੂਬਰ (ਪੋਸਟ ਬਿਊਰੋ)- ਰਾਜਸਥਾਨ ਵਿੱਚ ਪੰਜਾਬੀ ਮਾਂ ਬੋਲੀ ਨੂੰ ਪ੍ਰਫੁਲੱਤ ਕਰਨ ਅਤੇ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਕਰਕੇ 'ਅੰਤਰਰਾਸ਼ਟਰੀ ਅਧਿਆਪਕ ਦਿਵਸ' ਮੌਕੇ ਕੈਨੇਡਾ ਦੀ ਵੱਕਾਰੀ ਅੰਤਰਰਾਸ਼ਟਰੀ ਸੰਸਥਾ 'ਓਨਟਾਰੀਓ ਫਰੈਂਡਜ਼ ਕਲੱਬ' ਅਤੇ 'ਇੰਟਰਨੈਸ਼ਨਲ ਪੀਸ ਹੈਰੀਟੇਜ ਐਂਡ ਇਨਵਾਇਰਮੈਂਟ ਵੈਲਫੇਅਰ ਆਰਗੇਨਾਈਜ਼ੇਸ਼ਨ' , ਕੈਨੇਡਾ ਨੇ ਸਾਂਝੇ ਤੌਰ 'ਤੇ ਗੁਰੂ ਹਰਗੋਬਿੰਦ ਸਾਹਿਬ ਪੀਜੀ ਕਾਲਜ, ਸੀਸੀ ਹੈਡ ( ਗੰਗਾਨਗਰ) ਦੇ ਪ੍ਰਿੰਸੀਪਲ ਡਾ: ਸੰਦੀਪ ਸਿੰਘ ਮੁੰਡੇ ਨੂੰ 'ਅਵਾਰਡ ਆਫ ਆਨਰ' ਨਾਲ ਸਨਮਾਨਿਤ ਕੀਤਾ ਹੈ। ਡਾ: ਸੰਦੀਪ ਸਿੰਘ ਮੁੰਡੇ ਦੇ ਯਤਨਾਂ ਸਦਕਾ ਹੀ ਰਾਜਸਥਾਨ ਦੇ ਬੀ.ਐੱਡ ਅਤੇ ਬੀ.ਏ.ਬੀ.ਐੱਡ ਕਾਲਜਾਂ ਵਿੱਚ ਪੰਜਾਬੀ ਵਿਸ਼ੇ ਦਾ ਅਧਿਆਪਨ ਸੰਭਵ ਹੋਇਆ ਹੈ। ਉਨ੍ਹਾਂ ਨੂੰ ਪਹਿਲਾਂ ਵੀ ਵੱਖ-ਵੱਖ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ। ਵਰਤਮਾਨ ਵਿਚ ਡਾ: ਸੰਦੀਪ ਸਿੰਘ ਮਹਾਰਾਜਾ ਗੰਗਾ ਸਿੰਘ ਯੂਨੀਵਰਸਿਟੀ ਬੀਕਾਨੇਰ ਵਿਖੇ ਪੰਜਾਬੀ ਵਿਸ਼ੇ ਦੇ 'ਬੋਰਡ ਆਫ਼ ਸਟੱਡੀਜ਼' ਦੇ ਸੀਨੀਅਰ ਮੈਂਬਰ, ਸੂਬਾ ਪੱਧਰੀ ਸੰਸਥਾ 'ਰਾਜਸਥਾਨ ਪੰਜਾਬੀ ਐਸੋਸੀਏਸ਼ਨ ਸੰਸਥਾ' ਦੇ ਪ੍ਰਧਾਨ ਅਤੇ ਅੰਤਰਰਾਸ਼ਟਰੀ ਸੰਸਥਾ 'ਪੰਜਾਬੀ ਭਾਸ਼ਾ ਪਾਸਰ ਭਾਈਚਾਰਾ' ਦੀ ਰਾਜਸਥਾਨ ਇਕਾਈ ਦੇ ਡਾਇਰੈਕਟਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਡਾ. ਮੁੰਡੇ ਤਿੰਨ ਵਿਸ਼ਿਆਂ ਅਰਥ ਸ਼ਾਸਤਰ, ਪੰਜਾਬੀ ਅਤੇ ਐਜੂਕੇਸ਼ਨ ਵਿੱਚ ਯੂਜੀਸੀ ਨੇਟ ਪਾਸ ਅਤੇ ਪੀਐਚ.ਡੀ. ਡਿਗਰੀਧਾਰੀ ਹਨ। ਉਨ੍ਹਾਂ ਦੇ ਖੋਜ ਪੱਤਰ ਅਤੇ ਆਰਟੀਕਲ ਹਿੰਦੀ ਅਤੇ ਪੰਜਾਬੀ ਵਿੱਚ ਵੱਖ-ਵੱਖ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਵਿੱਚ ਪ੍ਰਕਾਸ਼ਤਿ ਹੁੰਦੇ ਰਹਿੰਦੇ ਹਨ।












# ਕੱਟੜਪੰਥੀ ਵਹਿਣ ਦੇ ਵਿਰੁੱਧ ਬੋਲਣ ਦਾ ਮਹੂਰਤ ਨਿਕਲੇਗਾ ਕਦੋਂ !



ਜਤਿੰਦਰ ਪੰਨੂ

ਉੱਕੀ-ਪੁੱਕੀ ਹਰ ਤਰ੍ਹਾਂ ਦੀ ਸੰਪੂਰਨ ਆਜ਼ਾਦੀ ਦੀ ਗੱਲ ਕਰਨਾ ਸਮਝਦਾਰੀ ਨਹੀਂ ਕਿਹਾ ਜਾ ਸਕਦਾ, ਕੁਝ ਹੱਦਾਂ ਤਾਂ ਹਰ ਆਜ਼ਾਦੀ ਦੇ ਨਾਲ ਸਮਾਜ ਨੂੰ ਚੱਲਦਾ ਰੱਖਣ ਲਈ ਮੰਨਣੀਆਂ ਹੀ ਪੈਣਗੀਆਂ। ਮਿਸਾਲ ਵਜੋਂ ਇਹ ਨਹੀਂ ਕਿਹਾ ਜਾ ਸਕਦਾ ਕਿ ਸੜਕ ਉੱਤੇ ਖੱਬੇ ਪਾਸੇ ਚੱਲੋ ਜਾਂ ਸੱਜੇ ਪਾਸੇ, ਤੁਹਾਡੀ ਮਰਜ਼ੀ ਹੀ ਹੋਵੇਗੀ, ਕਿਉਂਕਿ ਹਰ ਕੋਈ ਇਸ ਤਰ੍ਹਾਂ ਮਰਜ਼ੀ ਨਾਲ ਖੱਬੇ ਜਾਂ ਸੱਜੇ ਗੱਡੀ ਚਲਾਉਣ ਲੱਗ ਪਿਆ ਤਾਂ ਹਾਦਸੇ ਹੁੰਦੇ ਰਹਿਣਗੇ, ਘਰ ਪਹੁੰਚਣ ਵਾਲੀ ਆਸ ਹੀ ਨਹੀਂ ਰਹਿ ਜਾਵੇਗੀ। ਕੋਈ ਕਹੇ ਕਿ ਪੁਲਸ ਕਿਸੇ ਨੂੰ ਨਹੀਂ ਰੋਕੇਗੀ, ਹਰ ਕਿਸੇ ਨੂੰ ਹਰ ਤਰ੍ਹਾਂ ਕਰਨ ਦੀ ਖੁੱਲ੍ਹ ਹੈ ਤਾਂ ਅੱਜ ਸ਼ਾਮ ਤੱਕ ਕਈ ਲੋਕਾਂ ਦੀਆਂ ਧੀਆਂ-ਭੈਣਾਂ ਆਪਣੇ ਘਰ ਨਹੀਂ ਮੁੜਨ ਦਿੱਤੀਆਂ ਜਾਣਗੀਆਂ ਤੇ ਗੁੰਡਿਆਂ ਦੇ ਗੈਂਗ ਰਾਹਾਂ ਵਿੱਚੋਂ ਚੁੱਕ ਕੇ ਲੈ ਜਾਣਗੇ। ਵੱਡੇ-ਵਡੇਰਿਆਂ ਨੇ ਸਮਾਜ ਚੱਲਦਾ ਰੱਖਣ ਲਈ ਕੁਝ ਨਿਯਮ ਬਣਾਏ ਸਨ ਤਾਂ ਹਰ ਦੇਸ਼ ਅੱਜ ਤੱਕ ਉਨ੍ਹਾਂ ਨਿਯਮਾਂ ਕਾਰਨ ਚੱਲੀ ਜਾਂਦਾ ਹੈ, ਅਜੋਕੀਆਂ ਸਰਕਾਰਾਂ ਨਹੀਂ ਚਲਾ ਰਹੀਆਂ। ਨਿਯਮ ਉਨ੍ਹਾਂ ਵੱਡਿਆਂ ਨੂੰ ਕਿਸੇ ਗੈਬੀ ਤਾਕਤ ਨੇ ਅੱਧੀ ਰਾਤ ਸੁਫਨੇ ਵਿੱਚ ਆ ਕੇ ਨਹੀਂ ਸੀ ਸਮਝਾਏ, ਉਨ੍ਹਾਂ ਆਪਣੇ ਨਾਲ ਵਾਪਰੇ ਚੰਗੇ ਜਾਂ ਮਾੜੇ ਵਰਤਾਰਿਆਂ ਦੀ ਅਕਲ ਤੋਂ ਆਪਸੀ ਸਹਿਮਤੀ ਨਾਲ ਬਣਾਏ ਸਨ।ਇਨ੍ਹਾਂ ਨਿਯਮਾਂ ਦੇ ਬੰਧੇਜਇਕੱਲੇ ਇਨਸਾਨਉੱਤੇ ਹੀ ਲਾਗੂ ਨਹੀਂ, ਜਾਨਵਰ ਵੀ ਕੁਝ ਨਿਯਮਾਂ ਨਾਲ ਚੱਲਦੇ ਹਨਅਤੇ ਜਿਹੜਾ ਜਾਨਵਰ ਆਪਣੇ ਕੁਟੰਬ ਦੇ ਨਿਯਮਾਂ ਉੱਤੇ ਨਹੀਂ ਚੱਲਦਾ, ਉਸ ਨੂੰ ਬਾਕੀ ਜਾਨਵਰ ਸਜ਼ਾ ਦੇਂਦੇ ਵੇਖੇ ਜਾਂਦੇ ਹਨ। ਜੰਗਲੀ ਜਾਨਵਰਾਂ ਦਾ ਜੀਵਨ ਵਿਖਾਉਣ ਵਾਲੇ ਇੱਕ ਚੈਨਲ ਨੇ ਵਿਖਾਇਆ ਸੀ ਕਿ ਇੱਕ ਹਾਥੀ ਬਾਕੀਆਂ ਨੂੰ ਤੰਗ ਕਰਨੋਂ ਨਹੀਂ ਸੀ ਹਟਦਾ ਤਾਂ ਉਹ ਕੁਝ ਚਿਰ ਉਸ ਦੀ ਮਸਤੀ ਨੂੰ ਅੱਖੋਂ ਪਰੋਖਾ ਕਰਦੇ ਰਹੇ, ਫਿਰ ਸਾਰੇ ਜਣੇ ਉਸ ਨੂੰ ਘੇਰੇ ਵਿੱਚ ਲੈ ਕੇ ਖੜੋ ਗਏ ਅਤੇ ਇੱਕ ਸੀਨੀਅਰ ਹਾਥੀ ਉਸ ਨੂੰ ਟੱਕਰਾਂ ਮਾਰਨ ਲੱਗ ਪਿਆ ਤੇ ਉਹਦੇ ਮਰਨ ਤੱਕ ਮਾਰਦਾ ਰਿਹਾ ਸੀ। ਇਹ ਉਸ ਸਮਾਜ ਵਿੱਚ ਇੱਕ ਵਿਗੜੇ ਹੋਏ ਭਾਈਵਾਲ ਨੂੰ ਸਜ਼ਾ ਦੇਣ ਦਾ ਆਪਣਾ ਢੰਗ ਸੀ ਅਤੇ ਏਦਾਂ ਦਾ ਢੰਗ ਚਿੜੀਆਂ-ਕਾਵਾਂ ਵਿੱਚ ਵੀ ਮਿਲਦਾ ਕਿਹਾ ਜਾਂਦਾ ਹੈ, ਮਨੁੱਖੀ ਸਮਾਜ ਏਦਾਂ ਦੇ ਬੰਧੇਜ ਵਾਲੇ ਨਿਯਮਾਂ ਤੋਂ ਬਗੈਰ ਚੱਲ ਸਕੇਗਾ, ਇਹ ਸੋਚਣਾ ਵੀ ਬੇਵਕੂਫੀ ਹੈ।

ਮੁਸ਼ਕਲ ਓਦੋਂ ਹੁੰਦੀ ਹੈ, ਜਦੋਂ ਵਿਸ਼ੇਸ਼ ਨਿਯਮ ਬਣਾ ਕੇ ਉਨ੍ਹਾਂ ਵਿੱਚ ਕੁਝ ਖੁੱਲ੍ਹਾਂ ਸਮਾਜ ਨੇ ਖੁਦ ਦਿੱਤੀਆਂ ਹੋਣ ਤੇ ਕੋਈ ਉਨ੍ਹਾਂ ਮਿਲੀਆਂ ਹੋਈਆਂ ਖੁੱਲ੍ਹਾਂ ਮੁਤਾਬਕ ਆਜ਼ਾਦੀ ਨਾਲ ਕਦਮ ਪੁੱਟਣਾ ਚਾਹੇ ਤੇ ਸਮਾਜ ਪੁੱਟਣ ਨਹੀਂ ਦੇਂਦਾ, ਸਗੋਂ ਉਸ ਨੂੰ ਦੋਸ਼ੀ ਵਾਂਗ ਵੇਖਦਾ ਅਤੇ ਜ਼ਲੀਲ ਕਰਨ ਤੋਂ ਮਾਰ ਦੇਣ ਤੱਕ ਚਲਾ ਜਾਂਦਾ ਹੈ। ਅਸੀਂ ਉਨ੍ਹਾਂ ਦੇਸ਼ਾਂ ਬਾਰੇ ਕੁਝ ਨਹੀਂ ਕਹਿਣਾ ਚਾਹੁੰਦੇ, ਜਿਨ੍ਹਾਂ ਵਿੱਚ ਬਾਕਾਇਦਾ ਤੌਰ ਉੱਤੇ ਇੱਕ ਖਾਸ ਧਰਮ ਦਾ ਰਾਜ ਚੱਲਦਾ ਹੁੰਦਾ ਹੈ, ਓਥੇ ਧਰਮ ਦੀਆਂ ਸੰਵਿਧਾਨਕ ਹੱਦਾਂ ਵੀ ਕੋਈ ਨਹੀਂ ਹੁੰਦੀਆਂ ਅਤੇ ਉਸ ਧਰਮ ਦੇ ਅਨਪੜ੍ਹ ਜਾਂ ਅੱਧ-ਪੜ੍ਹ ਆਗੂ ਖੁਦ ਹੀ ਹੱਦਾਂ ਮਿਥ ਕੇ ਲਾਗੂ ਕਰਨ ਦਾ ਠੇਕਾ ਚੁੱਕ ਬਹਿੰਦੇ ਹਨ। ਗੱਲ ਭਾਰਤ ਵਰਗੇ ਉਨ੍ਹਾਂ ਦੇਸ਼ਾਂ ਦੀ ਹੈਰਾਨੀ ਵਾਲੀ ਹੈ, ਜਿੱਥੇ ਸੰਵਿਧਾਨ ਵਿੱਚ ਹੱਦਾਂ ਮਿਥੀਆਂ ਹਨ, ਪਰ ਉਨ੍ਹਾਂ ਹੱਦਾਂ ਉੱਤੇ ਚੱਲਣ ਦੀ ਖੁੱਲ੍ਹ ਦੇਣ ਦੀ ਥਾਂ ਸਮਾਜ ਦੇ ਅਣਪੜ੍ਹ ਜਾਂ ਕੁਝ ਅੱਧ-ਪੜ੍ਹ ਜਿਹੇ ਠੇਕੇਦਾਰ ਆਪਣੀ ਮਰਜ਼ੀ ਨੂੰ ਸਮਾਜੀ ਨਿਯਮ ਦਾ ਦਰਜਾ ਦੇਣ ਲੱਗਦੇ ਹਨ। ਭਾਰਤੀ ਸੰਵਿਧਾਨ ਸਾਨੂੰ ਕਿਸੇ ਵੀ ਧਰਮ ਨੂੰ ਆਪਣੀ ਮਰਜ਼ੀ ਮੁਤਾਬਕ ਮੰਨਣ ਤੇ ਚੱਲਣ ਦਾ ਹੱਕ ਦੇਂਦਾ ਹੈ, ਪਰ ਸਮਾਜ ਵਿੱਚ ਏਦਾਂ ਕਰਨਾ ਵੀ ਔਖਾ ਹੋਇਆ ਪਿਆ ਹੈ। ਪਹਿਲੀ ਗੱਲ ਤਾਂ ਇਹੋ ਮੁਸ਼ਕਲ ਹੈ ਕਿ ਕੋਈ ਆਪਣੀ ਮਰਜ਼ੀ ਦਾ ਧਰਮ ਚੁਣ ਸਕੇ ਅਤੇ ਫਿਰ ਉਸ ਮੁਤਾਬਕ ਜੀਵਨ ਗੁਜ਼ਾਰ ਸਕੇ। ਏਥੇ ਮਨੁੱਖ ਵੱਲੋਂ ਮਰਜ਼ੀ ਦਾ ਧਰਮ ਚੁਣਨ ਨੂੰ ਧਰਮ-ਤਬਦੀਲੀ ਕਹਿ ਕੇ ਏਦਾਂ ਭੰਡਿਆ ਜਾਂਦਾ ਹੈ, ਜਿਵੇਂ ਉਸ ਵਿਅਕਤੀ ਨੇ ਕੋਈ ਜੱਗੋਂ ਤੇਰ੍ਹਵਾਂ ਗੈਰ-ਇਨਸਾਨੀ ਕੰਮ ਕਰ ਦਿੱਤਾ ਹੋਵੇ। ਪੁਰਾਤਨ ਸਮਿਆਂ ਵਿੱਚ ਜਦੋਂ ਅਤੇ ਜਿੱਥੇ ਵੀ ਕੋਈ ਨਵਾਂ ਧਰਮ ਸ਼ੁਰੂ ਹੋਇਆ, ਪਹਿਲਿਆਂ ਨੂੰ ਚੰਗਾ ਕਦੇ ਨਹੀਂ ਲੱਗਾ ਤੇ ਏਸੇ ਲਈ ਨਵੇਂ ਧਰਮਾਂ ਨਾਲ ਪੁਰਾਣਿਆਂ ਦੇ ਵਿਰੋਧ ਕਾਰਨਜੰਗਾਂ ਹੁੰਦੀਆਂ ਸਨ, ਪਰ ਉਹ ਮੱਧ ਯੁਗੀ ਗੱਲਾਂ ਅੱਜ ਉਨ੍ਹਾਂ ਦੇਸ਼ਾਂ ਵਿੱਚ ਨਹੀਂ ਹੋਣੀਆਂ ਚਾਹੀਦੀਆਂ, ਜਿੱਥੇ ਲੋਕਤੰਤਰੀ ਹੋਣ ਦਾ ਦਾਅਵਾ ਕੀਤਾ ਜਾਂਦਾ ਹੈ। ਇਹ ਗੱਲਾਂ ਅੱਜ ਤੱਕ ਓਥੇ ਹੋਈ ਜਾਂਦੀਆਂ ਹਨ। ਹਰ ਧਰਮ ਵਿੱਚ ਕੁਝ ਚੰਗਿਆਈਆਂ ਹੋ ਸਕਦੀਆਂ ਹਨ ਅਤੇ ਹਰ ਇੱਕ ਧਰਮ ਵਿੱਚ ਸਮੇਂ ਨਾਲ ਕੁਝ ਵਿਗਾੜ ਆ ਸਕਦੇ ਹਨ, ਜਿਨ੍ਹਾਂ ਤੋਂ ਅੱਕ ਕੇ ਕੋਈ ਵਿਅਕਤੀ ਆਪਣੀ ਸੋਚ ਨੂੰ ਕਿਸੇ ਹੋਰ ਪਾਸੇ ਮੋੜ ਸਕਦਾ ਹੈ, ਪਰ ਸੰਵਿਧਾਨਕ ਖੁੱਲ੍ਹਾਂ ਦੇ ਬਾਵਜੂਦ ਇਹ ਗੱਲ ਪ੍ਰਵਾਨ ਨਹੀਂ ਕੀਤੀ ਜਾ ਰਹੀ, ਭਾਰਤ ਵਰਗੇ ਦੇਸ਼ ਵਿੱਚ ਵੀ ਇਸਦਾ ਮਾਰਨ ਤੱਕ ਵਿਰੋਧ ਕੀਤਾ ਜਾਂਦਾ ਹੈ।

ਕਹਿਣ ਨੂੰ ਅਸੀਂ ਆਧੁਨਿਕ ਯੁੱਗ ਵਿੱਚ ਹਾਂ, ਪਰ ਕਈ ਵਾਰੀ ਮਨ ਵਿੱਚ ਆਉਂਦਾ ਹੈ ਕਿ ਇਸ ਤੋਂ ਮੱਧ ਯੁੱਗ ਵੱਧ ਖੁੱਲ੍ਹਾਂ ਦੇਣ ਵਾਲਾ ਸੀ, ਪਿਛਲੀ ਸਦੀ ਤੱਕ ਵੀ ਠੀਕ ਸੀ, ਜਦੋਂ ਅਲਾਮਾ ਇਕਬਾਲ ਦੇ ਵਡੇਰਿਆਂ ਨੂੰ ਵੀ ਇਹ ਖੁੱਲ੍ਹ ਸੀ ਕਿ ਆਪਣਾ ਧਰਮ ਤਬਦੀਲ ਕਰ ਸਕਣ। ਅੱਜ ਹਾਲਾਤ ਇਹਹਨ ਕਿ ਹਰ ਵਿਅਕਤੀ ਇਹ ਕਹਿੰਦਾ ਜਾਪ ਰਿਹਾ ਹੈ ਕਿ ਮੇਰਾ ਧਰਮ ਸਾਰਿਆਂ ਤੋਂ ਵਧੀਆ ਹੈ, ਰੱਬ ਦਾ ਜਿਹੜਾ ਨਾਂਅ ਮੇਰੇ ਧਰਮ ਵਿੱਚ ਹੈ, ਉਹ ਨਾਂਅ ਅਸਲੀ ਹੈ ਤੇ ਬਾਕੀ ਸਾਰੇ ਲੋਕ ਮੇਰੇ ਵਾਲੇ ਧਰਮ ਵਿੱਚ ਆ ਕੇ ਰਲ ਜਾਣ ਤਾਂ ਠੀਕ ਹੈ, ਜਿਹੜਾ ਕੋਈ ਮੇਰੇ ਧਰਮ ਨੂੰ ਛੱਡੇ ਜਾਂ ਮੇਰੇ ਧਰਮ ਵਿੱਚ ਚੱਲਦੇ ਰੱਬ ਦੇ ਨਾਂਅ ਤੋਂ ਵੱਖਰਾ ਨਾਂਅ ਲਵੇਗਾ, ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਹਰ ਦੇਸ਼ ਦੀ ਬਹੁ-ਗਿਣਤੀ ਆਪਣੇ ਦੇਸ਼ ਦੀ ਸਰਕਾਰ ਨੂੰ ਵੋਟਾਂ ਦੇ ਟੋਕਰੇ ਵਿਖਾ ਕੇ ਬਲੈਕਮੇਲ ਕਰਨ ਦਾ ਯਤਨ ਕਰਦੀ ਹੈ ਤੇ ਭਾਰਤ ਵਰਗੇ ਦੇਸ਼ਾਂ ਵਿੱਚ ਤਾਂ ਉਹ ਲੋਕ ਆਪਣੀ ਮਰਜ਼ੀ ਦੀ ਪੈਰਵੀ ਕਰਨ ਵਾਲੀ ਸਰਕਾਰ ਬਣਾਉਣ ਵਿੱਚ ਸਫਲ ਹੋ ਸਕਦੇ ਹਨ। ਪਹਿਲਾਂ ਗਵਾਂਢ ਦੇ ਦੇਸ਼ਾਂ ਵਿੱਚ ਇਸ ਤਰ੍ਹਾਂ ਹੁੰਦਾ ਸੀ, ਅੱਜ ਭਾਰਤ ਵਿੱਚ ਵੀ ਬਹੁ-ਗਿਣਤੀ ਦਾ ਧਰਮ ਧੌਂਸ ਦੇ ਨਾਲ ਮਨਾਇਆ ਜਾਣ ਦਾ ਕੰਮ ਸ਼ੁਰੂ ਹੋ ਗਿਆ ਹੈ। ਸਰਕਾਰੀ ਮਸ਼ੀਨਰੀ ਬਹੁ-ਗਿਣਤੀ ਦੇ ਦਬਾਅ ਹੇਠ ਰਹਿੰਦੀ ਹੈ। ਇਸ ਦੀ ਥਾਂ ਇਹ ਕਹਿਣਾ ਵੱਧ ਠੀਕ ਲੱਗਦਾ ਹੈ ਕਿ ਸਰਕਾਰੀ ਮਸ਼ੀਨਰੀ ਵਿੱਚ ਵੀ ਬਹੁ-ਗਿਣਤੀ ਧਰਮ ਵਾਲੇ ਲੋਕ ਵੱਧ ਹੋਣ ਕਾਰਨ ਉਹ ਸੰਵਿਧਾਨਕ ਫਰਜ਼ ਦੀ ਪਾਲਣਾ ਕਰਨ ਦੀ ਥਾਂ ਆਪਣੀ ਵਰਦੀ ਵਾਲਾ 'ਆਪਣਾ ਧਰਮ' ਨਹੀਂ, ਮਾਪਿਆਂ ਤੋਂ ਮਿਲੇ ਹੋਏ ਧਰਮ ਨਿਭਾਉਣ ਨੂੰ ਪਹਿਲ ਦੇਂਦੇ ਹਨ। ਨਤੀਜੇ ਵਜੋਂ ਹਰ ਧਰਮ ਬਾਕੀ ਧਰਮਾਂ ਨਾਲੋਂਆਪਣੀ ਅਗੇਤ ਮੰਨਣ ਕਾਰਨ ਭਾਰਤ ਦੇ ਸਮਾਜ ਵਿੱਚ ਉਲਝਣਾਂ ਅਤੇ ਔਕੜਾਂ ਦਾ ਕਾਰਨ ਬਣਦੇ ਲੋਕਾਂ ਦੀ ਧਾੜ ਪੈਦਾ ਕਰਦਾ ਜਾਪਣ ਲੱਗਾ ਹੈ। 'ਸਰਬ ਧਰਮ ਸੰਭਾਵ' ਵਰਗੀ ਕਾਨੂੰਨੀ ਮਾਨਤਾ ਸਿਰਫ ਸ਼ਬਦਾਂ ਵਿੱਚ ਲਿਖੀ ਰਹਿ ਗਈ ਹੈ। ਸਮਾਜ ਨੂੰ ਆਪਣੇ ਢੰਗ ਨਾਲ ਚਲਾਉਣ ਦੀ ਇੱਛਾ ਕਿਸੇ ਵੀ ਧਿਰ ਜਾਂ ਧੜੇ ਦੀ ਹੋ ਸਕਦੀ ਹੈ, ਪਰ ਸਮਾਜ ਦੇ ਬਾਕੀ ਲੋਕਾਂ ਦੀ ਇੱਛਾ ਬਾਰੇ ਵੀ ਵੇਖਣਾ ਪਵੇਗਾ।

ਅਸੀਂ ਲੋਕਾਂ ਨੇ ਥੋੜ੍ਹੇ ਦਿਨ ਪਹਿਲਾਂ ਈਰਾਨ ਵਿੱਚ ਮਾਹਸਾ ਅਮੀਨੀ ਨਾਂਅ ਦੀ ਕੁੜੀ ਵਾਲਾ ਦੁਖਾਂਤ ਵਾਪਰਨ ਵਾਲੀ ਖਬਰ ਪੜ੍ਹੀ ਅਤੇ ਫਿਰ ਇਸ ਕਾਰਨ ਉਸ ਦੇਸ਼ ਦੇ ਅੰਦਰ ਹਾਲਾਤ ਵਿਗੜਦੇ ਵੇਖੇ ਹਨ। ਜਿਹੜੇ ਈਰਾਨ ਵਿੱਚਕਿਸੇ ਸਮੇਂ ਸਾਰੀ ਜਨਤਾ ਧਾਰਮਿਕ ਆਗੂ ਆਇਤੁਲਾ ਰੂਹੋਅੱਲ੍ਹਾ ਖੁਮੀਨੀ ਦੇ ਪਿੱਛੇ ਆਪਣੇ ਧਰਮ ਦੀ ਪਾਲਣਾ ਨੂੰ ਅਗੇਤ ਦੇਣ ਲਈ ਹਰ ਹੱਦ ਤੱਕ ਜਾਣ ਨੂੰ ਤਿਆਰ ਹੁੰਦੀ ਸੀ, ਅਜੋਕੇ ਪੜਾਅ ਉੱਤੇ ਜਦੋਂ ਧੱਕੇ ਨਾਲ ਕੱਟੜਪੰਥੀ ਨਿਯਮ ਪਾਲਣ ਲਈ ਕਿਹਾ ਜਾਣ ਲੱਗ ਪਿਆ ਤਾਂ ਓਸੇ ਦੇਸ਼ ਦੇ ਲੋਕ ਇਸ ਨੂੰ ਬਰਦਾਸ਼ਤ ਦੀ ਹੱਦ ਤੋਂ ਬਾਹਰਾ ਮੰਨਣ ਲੱਗੇ ਹਨ। ਜਿਹੜੇ ਭਾਰਤ ਦੇਸ਼ ਦੀ ਪ੍ਰੰਪਰਾ ਵੱਖੋ-ਵੱਖ ਧਾਰਮਿਕ ਵਿਸ਼ਵਾਸਾਂ ਦੇ ਹੁੰਦਿਆਂ ਮਿਲ ਕੇ ਰਹਿਣ ਦੀ ਰਹੀ ਹੈ, ਜੇ ਉਸ ਵਿੱਚ ਵੀ ਆਮ ਲੋਕਾਂ ਨੂੰ ਇੱਕ ਜਾਂ ਦੂਸਰੇ ਧਰਮ ਦੀ ਧੌਂਸ ਦਿੱਤੀ ਜਾਣ ਲੱਗ ਪਈ ਤਾਂ ਇੱਕ ਪੜਾਅ ਤੱਕ ਲੋਕ ਇਸ ਖੇਡ ਵਿੱਚ ਬੇਸ਼ੱਕ ਸ਼ਾਮਲ ਹੋ ਜਾਣ, ਬਹੁਤਾ ਚਿਰ ਇਸ ਵਹਿਣ ਵਿੱਚ ਵਗਦੇ ਨਹੀਂ ਰਹਿਣਗੇ। ਔਕੜ ਇਹ ਹੈ ਕਿ ਜਦੋਂ ਆਮ ਲੋਕ ਇਸ ਵਹਿਣ ਵਿੱਚ ਵਗਣਾ ਗਲਤ ਸਮਝਣ ਲੱਗਦੇ ਹਨ, ਓਦੋਂ ਤੱਕ ਬੜੀ ਦੇਰ ਹੋ ਚੁੱਕੀ ਹੁੰਦੀ ਹੈ ਤੇ ਫਿਰ ਲਾਂਭੇ ਹੋਣ ਲਈ ਰਾਹ ਲੱਭ ਸਕਣਾ ਔਖਾ ਹੋ ਜਾਂਦਾ ਹੈ। ਸਾਡੇ ਗਵਾਂਢ ਪਾਕਿਸਤਾਨ ਵਰਗੇ ਦੇਸ਼ਾਂ ਵਿੱਚ ਆਮ ਲੋਕ ਏਸੇ ਔਕੜ ਵਿੱਚ ਫਸੇ ਹੋਏ ਹਨ, ਵਹਿਣ ਨਾਲ ਵਗਣਾ ਔਖਾ ਹੈ, ਪਰ ਵਹਿਣ ਦੇ ਖਿਲਾਫ ਸਿਰ ਚੁੱਕ ਕੇ ਵੇਖਣਾ ਗੁਸਤਾਖੀ ਮੰਨੀ ਜਾਣ ਦਾ ਡਰ ਹੁੰਦਾ ਹੈ ਤੇ ਧਰਮ ਦੇ ਖਿਲਾਫ ਗੁਸਤਾਖੀ ਦੀ ਇੱਕੋ ਇੱਕ ਸਿਖਰਲੀ ਸਜ਼ਾ ਮੌਤ ਰੱਖੀ ਜਾਂਦੀ ਹੈ। ਈਰਾਨ ਦੀ ਕੁੜੀ ਮਾਹਸਾ ਅਮੀਨੀ ਨਾਲ ਵੀ ਇਹੋ ਹੋਇਆ, ਉਸ ਨਾਲ ਵਾਪਰੀ ਜ਼ਿਆਦਤੀ ਖਿਲਾਫ ਰੋਸ ਕਰਦਿਆਂ ਨਾਲ ਵੀ ਇਹੋ ਵਾਪਰ ਰਿਹਾ ਹੈ ਤੇ ਜਿਹੜੇ ਲੋਕ ਵਕਤ ਗੁਆਉਣ ਪਿੱਛੋਂ ਏਦਾਂ ਦੇ ਵਹਿਣ ਖਿਲਾਫ ਭਾਰਤ ਵਿੱਚ ਉਠੇ ਉਬਾਲਿਆਂ ਵਿਰੁੱਧ ਮੂੰਹ ਖੋਲ੍ਹਣਾ ਚਾਹੁਣਗੇ, ਉਨ੍ਹਾਂ ਨੂੰ ਵੀ ਸਮਾਂ ਓਦੋਂ ਕੋਈ ਰਾਹ ਨਹੀਂ ਦੇਣ ਲੱਗਾ। ਬੜੇ ਲੋਕਕਹਿੰਦੇ ਹਨ ਕਿ ਉਨ੍ਹਾਂ ਕਦੀ ਝੂਠ ਨਹੀਂ ਬੋਲਿਆ, ਪਰ ਇਹ ਕੋਈ ਵੱਡੀ ਗੱਲ ਨਹੀਂ, ਦੱਸਣਾ ਹੈ ਤਾਂ ਇਹ ਦੱਸਣ ਕਿ ਜਦੋਂ ਬੋਲਣ ਦੀ ਲੋੜ ਸੀ, ਓਦੋਂ ਜ਼ਬਾਨ ਖੋਲ੍ਹੀ ਸੀ ਕਿ ਨਹੀਂ? ਜੇ ਓਦੋਂ ਜ਼ਬਾਨ ਖੋਲ੍ਹੀ ਨਹੀਂ ਸੀ ਤਾਂ ਇਸ ਗੱਲ ਦਾ ਸਿਹਰਾ ਵੀ ਲੈਣਾ ਔਖਾ ਹੋਵੇਗਾ ਕਿ ਅਸੀਂ ਕਦੀ ਝੂਠ ਨਹੀਂ ਬੋਲਿਆ, ਤੇ ਇਹ ਸਵਾਲ ਉਨ੍ਹਾਂ ਸਾਰਿਆਂ ਲੋਕਾਂ ਸਾਹਮਣੇ ਹੈ, ਜਿਹੜੇ ਗੱਲਾਂ ਬਹੁਤ ਕਰਦੇ ਹਨ, ਦੂਜਿਆਂ ਨੂੰ ਕੁਝ ਕਰਨ ਨੂੰ ਕਹਿੰਦੇ ਅਤੇ ਉਨ੍ਹਾਂ ਨੂੰ ਸ਼ਾਬਾਸ਼ ਦੇ ਛੱਡਣਾ ਵੀਬਹੁਤ ਮੰਨਦੇ ਹਨ, ਪਰ ਖੁਦ ਉਹ ਕਦੇ ਕੁਝ ਬੋਲਦੇ ਹੀਨਹੀਂ।

# ਵਿਰਾਸਤੀ ਵਸਤਾਂ ਇਕੱਠੀਆਂ ਕਰਨ ਦਾ ਸ਼ੌਕੀਨ: ਤਸਵਿੰਦਰ ਸਿੰਘ ਬੜੈਚ

ਉਜਾਗਰ ਸਿੰਘ





ਹਰ ਇਨਸਾਨ ਵਿੱਚ ਕੋਈ ਇਕ ਖਾਸ ਗੁਣ ਅਤੇ ਜ਼ਿੰਦਗੀ ਵਿੱਚ ਸ਼ੌਕ ਹੁੰਦਾ ਹੈ। ਉਹ ਗੁਣ ਅਤੇ ਸ਼ੌਕ ਕਿਸੇ ਵੀ ਰੂਪ ਵਿੱਚ ਪ੍ਰਗਟ ਹੋ ਸਕਦਾ ਹੈ। ਸ਼ੌਕ ਦਾ ਕੋਈ ਮੁੱਲ ਵੀ ਨਹੀਂ ਹੁੰਦਾ। ਉਸ ਨੂੰ ਸੰਭਾਲਣਾ ਇਨਸਾਨ ਦੇ ਵਸ ਵਿੱਚ ਹੁੰਦਾ ਹੈ ਕਿ ਉਸ ਨੇ ਉਸ ਦਾ ਸਦਉਪਯੋਗ ਕਿਵੇਂ ਕਰਨਾ ਹੈ। ਲੁਧਿਆਣਾ ਜਿਲ੍ਹੇ ਦੀ ਸਮਰਾਲਾ ਤਹਿਸੀਲ ਦੇ ਪਿੰਡ ਦੀਵਾਲਾ ਵਿਖੇ ਇਕ ਨੌਜਵਾਨ ਤਸਵਿੰਦਰ ਸਿੰਘ ਬੜੈਚ ਵਿੱਚ ਪੁਰਾਤਤਵ ਵਿਰਾਸਤੀ ਵਸਤਾਂ ਨੂੰ ਇਕੱਠੀਆਂ ਕਰਕੇ ਸਾਂਭਣ ਦਾ ਗੁਣ ਅਤੇ ਸ਼ੌਕ ਕੁਦਰਤ ਨੇ ਉਸ ਨੂੰ ਦਿੱਤਾ ਹੈ। ਪਰੰਤੂ ਉਸ ਦੇ ਮੱਧ ਵਰਗੀ ਕਿਸਾਨ ਦਾ ਮੈਂਬਰ ਹੋਣ ਕਰਕੇ ਆਰਥਿਕ ਔਕੜਾਂ ਸ਼ੌਕ ਨੂੰ ਪੂਰਾ ਕਰਨ ਦੇ ਰਾਹ ਵਿੱਚ ਪਹਾੜ ਦੀ ਤਰ੍ਹਾਂ ਖੜ੍ਹੀਆਂ ਹੋ ਗਈਆਂ ਸਨ ਪਰੰਤੂ ਉਸ ਨੇ ਹੌਸਲਾ ਨਹੀਂ ਹਾਰਿਆ। ਸਹਿਜਤਾ ਨਾਲ ਆਪਣੇ ਸ਼ੌਕ ਦੀ ਪੂਰਤੀ ਲਈ ਜੁਟਿਆ ਰਿਹਾ। ਫਿਰ ਉਸ ਨੇ ਆਪਣੇ ਘਰ ਵਿੱਚ ਹੀ ਇਕ ਛੋਟਾ ਜਿਹਾ ਪੁਰਾਤਤਵ ਪੰਜਾਬੀ ਵਿਰਾਸਤੀ ਵਸਤਾਂ ਦਾ ' ਮਿੰਨੀ ਅਜਾਇਬ ਘਰ' ਸਥਾਪਤ ਕਰ ਲਿਆ, ਜਿਸ ਦਾ ਨਾਮ ਉਸਨੇ 'ਬਾਬਾ ਨੰਦ ਸਿੰਘ ਬੜੈਚ' ਪਿੰਡ ਦੀਵਾਲਾ ਰੱਖਿਆ ਹੈ। ਅਸਲ ਵਿੱਚ ਇਹ 'ਲੋਕ ਅਜਾਇਬ ਘਰ' ਹੈ ਕਿਉਂਕਿ ਇਸ ਨੂੰ ਕਦੀ ਵੀ ਕੋਈ ਆ ਕੇ ਵੇਖ ਸਕਦਾ ਹੈ। ਕੋਈ ਸਮਾਂ ਨਿਸ਼ਚਤ ਨਹੀਂ ਹੈ ਕਿਉਂ ਕਿ ਘਰ ਵਿੱਚ ਹੀ ਹੋਣ ਕਰਕੇ ਹਮੇਸ਼ਾ ਲਈ ਖੁਲ੍ਹਾ ਰਹਿੰਦਾ ਹੈ। ਸ਼ੌਕ ਮਨੁੱਖ ਦੀ ਸੋਚ ਦਾ ਲਖਾਇਕ ਹੁੰਦਾ ਹੈ। ਸ਼ੌਕ ਵੀ ਅਨੇਕ ਕਿਸਮ ਦੇ ਅਵੱਲੜੇ ਉਸਾਰੂ ਅਤੇ ਪਿਛਾਂਹ ਖਿੱਚੂ ਹੁੰਦੇ ਹਨ। ਸ਼ੌਕ ਦੀ ਪੂਰਤੀ ਇਨਸਾਨ ਕਿਸੇ ਮਕਸਦ ਨਾਲ ਨਹੀਂ ਕਰਦਾ ਸਗੋਂ ਸ਼ੌਕ ਦੀ ਪੂਰਤੀ ਲਈ ਉਹ ਹਰ ਇੱਛਾ ਨੂੰ ਤਿਆਗ ਸਕਦਾ ਹੈ। ਵਰਤਮਾਨ ਸਮਾਜ ਦਾ ਤਾਣਾ-ਬਾਣਾ ਆਧੁਨਿਕਤਾ ਦੇ ਸ਼ੌਕੀਨਾ ਦੀ ਭੇਂਟ ਚੜ੍ਹ ਗਿਆ ਹੈ। ਨੌਜਵਾਨ ਪੀੜ੍ਹੀ ਬਰਾਂਡਡ ਵਸਤਾਂ ਦੀ ਦੀਵਾਨੀ ਹੋਈ ਫਿਰਦੀ ਹੈ। ਉਨ੍ਹਾਂ ਨੂੰ ਪੁਰਾਤਨ ਵਿਰਾਸਤੀ ਵਸਤਾਂ ਦੇ ਨਾਮ ਵੀ ਪਤਾ ਨਹੀਂ। ਕਈ ਵਾਰ ਸ਼ੌਕ ਮਨੁੱਖ ਨੂੰ ਕਰਜ਼ੇ ਦੀ ਲਪੇਟ ਵਿੱਚ ਲੈ ਲੈਂਦਾ ਹੈ। ਸ਼ੌਕ ਦੀ ਪੂਰਤੀ ਲਈ ਘਰ ਫੂਕ ਤਮਾਸ਼ਾ ਵੇਖਣ ਵਾਲੀ ਗੱਲ ਬਣ ਜਾਂਦਾ ਹੈ। ਸ਼ੌਕ ਵਿੱਚੋਂ ਕੱਢਣ ਪਾਉਣ ਨੂੰ ਕੁਝ ਨਹੀਂ ਹੁੰਦਾ। ਸ਼ੌਕ ਗੁਆਉਂਦਾ ਹੈ ਪਰੰਤੂ ਮਾਨਸਿਕ ਸੰਤੁਸ਼ਟੀ ਜ਼ਰੂਰ ਦਿੰਦਾ ਹੈ। ਵਿਰਾਸਤੀ ਵਸਤਾਂ ਇਕੱਠੀਆਂ ਕਰਨ ਵਿੱਚ ਹੁਣ ਤੱਕ ਤਸਵਿੰਦਰ ਸਿੰਘ ਬੜੈਚ 5 ਲੱਖ ਰੁਪਏ ਖ਼ਰਚਾ ਕਰ ਚੁੱਕਾ ਹੈ। ਜਿਥੋਂ ਵੀ ਇਹ ਵਸਤਾਂ ਮਿਲ ਸਕਦੀਆਂ ਹਨ, ਉਨ੍ਹਾਂ ਨੂੰ ਲੈਣ ਲਈ ਉਹ ਦਿੱਲੀ, ਕਲਕੱਤਾ, ਰਾਜਸਥਾਨ ਅਤੇ ਹੋਰ ਜਿਥੇ ਵੀ ਕਿਸੇ ਵਿਰਾਸਤੀ ਵਸਤੂ ਦੀ ਕਨਸੋਅ ਮਿਲਦੀ ਹੈ, ਉਥੇ ਪਹੁੰਚ ਜਾਂਦਾ ਹੈ। ਅਜੋਕੇ ਜ਼ਮਾਨੇ ਵਿੱਚ ਹਰ ਵਿਰਾਸਤੀ ਵਸਤੂ ਮੁੱਲ ਖਰੀਦਣੀ ਪੈਂਦੀ ਹੈ। ਇਥੇ ਹੀ ਬਸ ਨਹੀਂ ਸਗੋਂ ਮੂੰਹ ਮੰਗੀ ਕੀਮਤ ਦੇਣੀ ਪੈਂਦੀ ਹੈ। ਕਈ ਲੋਕ ਤਾਂ ਤਸਵਿੰਦਰ ਸਿੰਘ ਨੂੰ ਕਹਿੰਦੇ ਹਨ ਕਿ ਉਹ ਫਾਲਤੂ ਵਿੱਚ ਹੀ ਖ਼ਰਚਾ ਕਰ ਰਿਹਾ ਹੈ ਅਤੇ ਨਾਲੇ ਉਹ ਆਪਣੇ ਖੇਤੀਬਾੜੀ ਦੇ ਕਾਰੋਬਾਰ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਇਥੋਂ ਤੱਕ ਕਿ ਕੁਝ ਲੋਕ ਤਾਂ ਉਸ ਦੇ ਸ਼ੌਕ ਨੂੰ ਪਾਗਲਪਣ ਕਹਿੰਦੇ ਹਨ। ਪਰੰਤੂ ਤਸਵਿੰਦਰ ਸਿੰਘ ਲੋਕਾਂ ਦੀਆਂ ਇਨ੍ਹਾਂ ਗੱਲਾਂ ਦੀ ਪਰਵਾਹ ਨਹੀਂ ਕਰਦਾ, ਸਗੋਂ ਹੋਰ ਉਤਸ਼ਾਹ ਨਾਲ ਕੰਮ ਕਰਦਾ ਹੈ। ਕਿਸਾਨ ਦਾ ਪੁੱਤ ਹੋਣ ਕਰਕੇ ਪਰਿਵਾਰ ਦੇ ਗੁਜ਼ਾਰੇ ਦਾ ਵੀ ਫ਼ਿਕਰ ਰਹਿੰਦਾ ਹੈ ਪਰੰਤੂ ਉਹ ਹਰ ਸਭਿਆਚਾਰਕ, ਇਤਿਹਾਸਿਕ, ਧਾਰਮਿਕ ਅਤੇ ਖੇਡ ਮੇਲਿਆਂ ਵਿੱਚ ਆਪਣੀਆਂ ਵਸਤਾਂ ਦੀ ਪ੍ਰਦਰਸ਼ਨੀ ਲਾਉਣ ਲਈ ਪਹੁੰਚ ਜਾਂਦਾ ਹੈ। ਸਮਾਂ ਅਤੇ ਪੈਸਾ ਵੀ ਬਰਬਾਦ ਹੁੰਦਾ ਹੈ। ਲੋਕਾਂ ਦੇ ਤਾਨ੍ਹੇ ਮਿਹਣੇ ਵੀ ਸੁਣਨੇ ਪੈਂਦੇ ਹਨ। ਅਜੋਕੀ ਨੌਜਵਾਨ ਪੀੜ੍ਹੀ ਸ਼ੌਕ ਦੀ ਪੂਰਤੀ ਲਈ ਵਿਰਾਸਤ 'ਤੇ ਪਹਿਰਾ ਨਹੀਂ ਦਿੰਦੀ। ਇਸ ਦੀ ਚੀਸ ਤਸਵਿੰਦਰ ਸਿੰਘ ਬੜੈਚ ਨੂੰ ਬਹੁਤ ਸਤਾਉਂਦੀ ਹੈ। ਨੌਜਵਾਨ ਕੋਈ ਵੀ ਵਿਰਾਸਤੀ ਵਸਤੂ ਨੂੰ ਇਸਤੇਮਾਲ ਹੀ ਨਹੀਂ ਕਰਨਾ ਚਾਹੁੰਦਾ, ਸਗੋਂ ਪੁਰਾਤਤਵੀ ਚੀਜ਼ਾਂ ਨੂੰ ਵਰਤਣ ਵਾਲੇ ਨੂੰ ਚੰਗਾ ਨਹੀਂ ਸਮਝਿਆ ਜਾਂਦਾ। ਪੁਰ-ਾਤਤਵ ਸਾਡੀ ਵਿਰਾਸਤ ਹੈ, ਵਿਰਾਸਤ ਤੋਂ ਮੂੰਹ ਮੋੜ ਕੇ ਸਫਲਤਾ ਪ੍ਰਾਪਤ ਕਰਨੀ ਮੁਸ਼ਕਲ ਹੋ ਜਾਂਦੀ ਹੈ। ਵਿਰਾਸਤ ਕਿਸੇ ਸਮਾਜ ਦੀ ਹੋਂਦ ਦੀ ਪਛਾਣ ਹੁੰਦੀ ਹੈ। ਪੰਜਾਬ ਦੀ ਵਿਰਾਸਤ ਬਹੁਤ ਅਮੀਰ ਹੈ। ਪਰੰਤੂ ਦੁੱਖ ਦੀ ਗੱਲ ਹੈ ਕਿ ਸਾਡਾ ਭਵਿਖ ਸਾਡੇ ਬੱਚੇ ਆਪਣੀ ਵਿਰਾਸਤ ਨਾਲ ਜੁੜਨ ਦੀ ਥਾਂ ਦੂਰ ਜਾ ਰਹੇ ਹਨ। ਤਸਵਿੰਦਰ ਸਿੰਘ ਬੜੈਚ ਦਾ ਆਪਣੇ ਪਿੰਡ ਵਿੱਚ ਪੁਰਾਤਤਵੀ ਵਸਤਾਂ ਦਾ ' ਮਿੰਨੀ ਅਜਾਇਬ ਘਰ' ਸਥਾਪਤ ਕਰਨਾ, ਨੌਜਵਾਨ ਪੀੜ੍ਹੀ ਨੂੰ ਆਪਣੀ ਵਿਰਾਸਤ ਨਾਲ ਜੋੜ ਕੇ ਰੱਖਣ ਦਾ ਉਪਰਾਲਾ ਹੀ ਹੈ। ਉਨ੍ਹਾਂ ਸਾਰੀਆਂ ਵਸਤਾਂ ਨੂੰ ਬਹੁਤ ਹੀ ਸੋਹਣੇ ਢੰਗ ਨਾਲ ਸਜਾਇਆ ਹੋਇਆ ਹੈ। ਉਸ ਨੇ ਸਾਰੀਆਂ ਵਸਤਾਂ ਇਕ ਸੁਲਝੇ ਹੋਏ ਕੇਅਰ ਟੇਕਰ ਦੀ ਤਰ੍ਹਾਂ ਸੀਮਤ ਸਾਧਨਾ ਦੇ ਹੁੰਦਿਆਂ ਕੰਧਾਂ 'ਤੇ ਟਾਂਡਾਂ ਬਣਾਕੇ ਵਸਤਾਂ ਨੂੰ ਸਜਾਇਆ ਹੋਇਆ ਹੈ। ਉਸ ਦੇ ਅਜਾਇਬ ਘਰ ਵਿੱਚ ਬਹੁਤ ਸਾਰੀਆਂ ਅਜਿਹੀਆਂ ਵਸਤਾਂ ਹਨ, ਜਿਹੜੀਆਂ ਅੱਜ ਕੱਲ੍ਹ ਲੱਭਿਆਂ ਨਹੀਂ ਲੱਭਦੀਆਂ। ਜਿਵੇਂ ਈਸਟ ਇੰਡੀਆ ਕੰਪਨੀ, ਅਹਿਮਦ ਸ਼ਾਹ ਅਬਦਾਲੀ, ਅਕਬਰ, ਸ਼ੇਰ ਸ਼ਾਹ ਸੂਰੀ ਅਤੇ ਨਾਨਕਸ਼ਾਹੀ ਸਿੱਕੇ ਉਸ ਦੇ ਅਜਾਇਬ ਘਰ ਦੀ ਸ਼ੋਭਾ ਵਧਾ ਰਹੇ ਹਨ। ਇੱਕ ਲਾਹੌਰ ਦਾ ਬਣਿਆਂ 100 ਸਾਲ ਪੁਰਾਣਾ ਸਾਈਕਲ ਹੈ। ਉਸ ਸਾਈਕਲ ਨੂੰ ਪ੍ਰਾਪਤ ਕਰਨ ਲਈ ਉਸਨੂੰ ਮੂੰਹ ਮੰਗਿਆ ਪੈਸਾ ਦੇਣਾ ਪਿਆ ਹੈ। ਉਹ ਦਸਦਾ ਹੈ ਕਿ ਇਸ ਸਾਈਕਲ ਬਦਲੇ ਉਹ ਆਪਣੀ ਪੁਰਾਣੀ ਮਾਰੂਤੀ ਕਾਰ ਵੀ ਦੇਣ ਲਈ ਤਿਆਰ ਸੀ। ਇਸ ਤੋਂ ਇਲਾਵਾ ਪੰਜਾਬੀ ਲੋਕ ਗਾਇਕਾਂ ਅਤੇ ਗੀਤਕਾਰਾਂ ਦੇ ਲਗਪਗ 300 ਤਵੇ ਹਨ। ਉਸ ਕੋਲ ਹਰ ਪੰਜਾਬੀ ਗਾਇਕ ਦੇ ਤਵੇ ਵਰਕਿੰਗ ਹਾਲਤ



ਤਸਵਿੰਦਰ ਸਿੰਘ ਬੜੈਚ

ਵਿੱਚ ਪਏ ਹਨ। ਸਮਾਜ ਦੇ ਅਲੋਪ ਹੋ ਰਹੇ ਸਾਰੇ ਚੇਟਕ ਉਸ ਨੇ ਸਾਂਭੇ ਹੋਏ ਹਨ। ਤਸਵਿੰਦਰ ਸਿੰਘ ਬੜੈਚ ਨੇ ਮਹਿਸੂਸ ਕੀਤਾ ਕਿ ਜੇਕਰ ਸਾਡੀ ਨਵੀਂ ਪਨੀਰੀ ਆਪਣੀ ਵਿਰਾਸਤ ਨਾਲੋਂ ਟੁੱਟ ਗਈ ਤਾਂ ਉਨ੍ਹਾਂ ਦਾ ਵਿਰਾਸਤ 'ਤੇ ਮਾਣ ਕਰਨਾ ਤਾਂ ਅਸੰਭਵ ਹੈ ਪ੍ਰੰਤੂ ਆਉਣ ਵਾਲੀਆਂ ਨਸਲਾਂ ਨੂੰ ਵੀ ਆਪਣੀ ਵਿਰਾਸਤ ਤੋਂ ਵਾਂਝੀਆਂ ਰੱਖਣ ਦਾ ਕੰਮ ਕਰਨਗੀਆਂ।

ਤਸਵਿੰਦਰ ਸਿੰਘ ਬੜੈਚ ਨੂੰ ਇਹ ਸ਼ੌਕ ਇਕ ਘਟਨਾ ਤੋਂ ਬਾਅਦ ਪੈਦਾ ਹੋਇਆ, ਜਦੋਂ ਉਹ 2000 ਵਿੱਚ ਆਪਣੇ ਖੇਤਾਂ ਵਿੱਚ ਕੰਮ ਕਰ ਰਿਹਾ ਸੀ ਤਾਂ ਉਸ ਨੂੰ ਇਕ ਡਬਲੀ ਪੈਸਾ ਲੱਭਿਆ। ਜਦੋਂ ਉਹ ਡਬਲੀ ਪੈਸਾ ਉਨ੍ਹਾਂ ਬੱਚਿਆਂ ਨੂੰ ਵਿਖਾ ਕੇ ਪੁਛਿਆ ਕਿ ਇਹ ਕੀ ਹੈ? ਤਾਂ ਬੱਚੇ ਬਿਲਕੁਲ ਅਣਜਾਣ ਸਨ। ਉਸ ਦਿਨ ਤੋਂ ਬਾਅਦ ਉਨ੍ਹਾਂ ਮਨ ਬਣਾ ਲਿਆ ਕਿ ਪੁਰਾਤਨ ਪੁਰਾਤਤਵੀ ਵਿਰਾਸਤੀ ਵਸਤਾਂ ਇਕੱਠੀਆਂ ਕਰਕੇ ਉਨ੍ਹਾਂ ਦੀ ਪ੍ਰਦਰਸ਼ਨੀ ਸਕੂਲਾਂ, ਕਾਲਜਾਂ ਅਤੇ ਸਭਿਆਚਾਰਕ ਮੇਲਿਆਂ ਵਿੱਚ ਲਗਾਈ ਜਾਵੇਗੀ ਤਾਂ ਜੋ ਵਿਦਿਆਰਥੀਆਂ ਨੂੰ ਪਤਾ ਲੱਗ ਸਕੇ ਕਿ ਉਨ੍ਹਾਂ ਦੀ ਵਿਰਾਸਤ ਕਿਹੋ ਜਿਹੀ, ਕਿਤਨੀ ਪੁਰਾਣੀ ਤੇ ਅਮੀਰ ਸੀ। ਵਿਰਾਸਤ ਦਿਹਾਤੀ ਰਹਿਤਲ ਵਿੱਚ ਵਿਚਰਦਿਆਂ ਵਰਤੋਂ ਵਿੱਚ ਆਉਣ ਵਾਲੀਆਂ ਵਸਤਾਂ ਜਿਨ੍ਹਾਂ ਵਿੱਚ ਪਹਿਰਾਵਾ, ਸਿੱਕੇ, ਖੇਤੀ ਨਾਲ ਸੰਬੰਧਤ ਸੰਦ, ਤਰਖਾਣਾ, ਲੁਹਾਰਾ, ਆਵਾਜਾਈ ਦੇ ਸਾਧਨ ਅਤੇ ਭਾਂਡੇ ਟੀਂਡੇ ਅਤੇ ਹੋਰ ਘਰੇਲੂ ਸਾਜੋ ਸਾਮਾਨ ਆਦਿ ਆ ਜਾਂਦੇ ਹਨ। ਤਸਵਿੰਦਰ ਸਿੰਘ ਬੜੈਚ ਦੇ ਅਜਾਇਬ ਘਰ ਵਿੱਚ ਬਹੁਤ ਸਾਰੀਆਂ ਪੁਰਾਤਨ ਵਸਤਾਂ ਹਨ, ਪਰੰਤੂ ਸਾਰੀਆਂ ਲਿਖੀਆਂ ਨਹੀਂ ਜਾ ਸਕਦੀਆਂ। ਇਨ੍ਹਾਂ ਵਸਤਾਂ ਦੇ ਵੱਖਰੇ-ਵੱਖਰੇ ਕਾਰਨਰ ਸਾਧਾਰਨ ਢੰਗ ਨਾਲ ਬਣਾਏ ਹੋਏ ਹਨ ਕੁਝ ਕੁ ਇਸ ਪ੍ਰਕਾਰ ਹਨ, ਜਿਵੇਂ ਪਿਤਲ ਦੇ ਭਾਂਡੇ, ਹਮਾਮ, ਬਲਟੋਹੀ, ਤਪਾਈ, ਪਤੀਲੀ, ਕੰਗਣੀ ਵਾਲੇ ਗਲਾਸ, ਡੋਲੂ, ਜੱਗ, ਕਾਂਸੀ ਦੇ ਕੌਲ, ਛੰਨੇ, ਕੜਛੀ, ਥਾਲ, ਪਰਾਤ, ਕੱਦੂਕਸ਼, ਗੜਬੀ, ਕੁਮੰਡਲ, ਕੇਤਲੀ, ਡੋਰੀ, ਤੜਕਣੀ, ਤੁਸਕ ਆਦਿ। ਇਸੇ ਤਰ੍ਹਾਂ ਚਰਖਾ, ਰੂੰ ਪਿੰਜਣ ਵਾਲਾ ਵੇਲਣਾ, ਊਰਾ, ਅਟੇਰਨ, ਨਾਲੇ ਬੁਣਨ ਵਾਲਾ ਅੱਡਾ, ਖੱਡੀ ਵਾਲੀ ਨਾਲ, ਚਾਦਰਾਂ ਤੇ ਫੁੱਲ ਪਾਉਣ ਵਾਲੇ ਠੱਪੇ, ਪੰਜੇ, ਕੁੰਡੀਆਂ ਆਦਿ। ਖੇਤੀ ਨਾਲ ਸੰਬੰਧਤ, ਤੰਗਲੀ, ਸਲੰਘ, ਪੰਜਾਲੀ, ਸੁਹ-ਾਗਾ, ਹਲ, ਦੋਲਾ, ਊਠ ਦੀ ਕਾਠੀ, ਘੋੜੇ ਦੀ ਕਾਠੀ, ਬਲਦਾਂ ਦੀਆਂ ਟੱਲੀਆਂ, ਖੂਹ ਦੀਆਂ ਟਿੰਡਾਂ, ਊਠ ਦੀ ਨਿਉਲ, ਦਾਤੀ, ਖਰਖਰਾ, ਖੁਰੀ, ਘੋੜੇ ਦੀ ਰਕਾਬ, ਛਿਕਲੀ, ਪਸ਼ੂਆਂ ਨੂੰ ਦਵਾਈ ਦੇਣ ਵਾਲੀ ਨਾਲ ਅਤੇ ਫੌੜਾ ਆਦਿ। ਬੱਚਿਆਂ ਦੇ ਖਿਡੌਣੇ ਜਿਵੇਂ ਪਰਤਾਪਾ, ਗਡੀਹਰਾ, ਲਾਟੂ, ਬੰਟੇ, ਪਿੱਠੂ, ਗੁਲੇਲ, ਖਿੱਦੋ ਖੂੰਡੀ, ਗੁੱਲੀ ਡੰਡਾ ਆਦਿ। ਮਨੋਰੰਜਨ ਦੇ ਸਾਧਨ ਟਿਊਬਾਂ ਵਾਲੇ ਰੇਡੀਓ, ਗਰਾਮੋਫੋਨ, ਤਵੇ, ਟੇਪ ਰਿਕਾਰਡ, ਕੈਸਿਟਾਂ, ਟੈਕਸਲਾ ਦਾ ਬਲੈਕ ਐਂਡ ਵਾਈਟ.ਟੀ.ਵੀ., ਪੁਰਾਣੇ ਫੋਨ, ਪੁਰਾਣੇ ਕੈਮਰੇ, ਘਰੇਲੂ ਸਾਮਾਨ ਲੂਣਦਾਨੀ, ਸੇਵੀਆਂ ਵੱਟਣ ਵਾਲੀ ਜੰਡੀ, ਟਰੰਕ, ਛਾਲਣੇ, ਛੱਜ, ਰੋਪੜੀ ਜਿੰਦੇ, ਟੋਕਰੀ, ਮੂੜਾ, ਪੀਪਾ, ਸੂਤ ਵਾਲਾ ਮੰਜਾ, ਮਧਾਣੀ ਚਕਲਾ-ਵੇਲਣਾ, ਬੱਤੀਆਂ ਵਾਲਾ ਸਟੋਵ, ਸਾਗ ਚੀਰਨ ਵਾਲੀ ਦਾਤੀ, ਛਾਬਾ, ਪੀੜ੍ਹੀਆਂ, ਖੁਰਚਣੀ, ਚਿਮਟਾ, ਭੂਕਣਾ, ਘੋਟਣਾ, ਕੁੰਡੀ-ਸੋਟਾ, ਚੱਕੀ, ਹਾਰਾ, ਤੌੜੀ, ਉਖਲੀ ਮੋਹਲਾ, ਪਟਾਰੀ, ਲੈਂਪ, ਲਾਲਟੈਣ, ਫੱਟੀ ਤੇ ਸਲੇਟ, ਗੱਲਾ, ਡੋਲ, ਡੋਲ ਕੱਢਣ ਵਾਲੀਆਂ ਕੁੰਡੀਆਂ, ਤੱਕੜੀ, ਖਲ, ਨਸਵਾਰ ਵਾਲੀ ਡੱਬੀ, ਠੋਕਰ, ਹੱਟੜੀ, ਦਰੀਆਂ, ਖੇਸ, ਫੁਲਕਾਰੀ, ਘੱਗਰਾ, ਝੋਲਾ, ਹੱਥ ਪੱਖਾ, ਪੱਖੀ, ਇੰਨੂ, ਪਿੱਛੂ, ਲੁਹਾਰਾਂ ਦੀ ਧੌਂਕਣੀ ਆਦਿ ਹਨ। ਇਸ ਤੋਂ ਇਲਾਵਾ 100 ਸਾਲ ਪੁਰਾਣਾ ਲਾਹੌਰ ਦਾ ਬਣਿਆਂ ਸਾਈਕਲ, ਸਾਈਕਲ ਲਾਈਸੈਂਸ, ਰੇਡੀਓ ਲਾਈਸੈਂਸ। ਇਨ੍ਹਾਂ ਨੂੰ ਇਕੱਤਰ ਕਰਨ ਵਿੱਚ ਭਾਵੇਂ ਕਾਫ਼ੀ ਖ਼ਰਚਾ ਹੋ ਰਿਹਾ ਹੈ ਤਾਂ ਵੀ ਪਰਿਵਾਰ ਦਾ ਪੂਰਾ ਸਹਿਯੋਗ ਮਿਲ ਰਿਹਾ ਹੈ। ਤਸਵਿੰਦਰ ਸਿੰਘ ਬੜੈਚ ਦੀ ਪਤਨੀ ਹਰਜਿੰਦਰ ਕੌਰ, ਦੋਵੇਂ ਸਪੁੱਤਰ ਕੋਮਲਪ੍ਰੀਤ ਸਿੰਘ, ਅਕਸ਼ਪ੍ਰੀਤ ਸਿੰਘ ਅਤੇ ਉਸ ਦੇ ਪਿਤਾ ਦਾ ਦੋਸਤ ਚਮਕੌਰ ਸਿੰਘ ਘਣਗਸ ਵੀ ਇਸ ਕੰਮ ਵਿੱਚ ਸਹਿਯੋਗ ਦੇ ਰਹੇ ਹਨ।

ਤਸਵਿੰਦਰ ਸਿੰਘ ਬੜੈਚ ਨੇ ਆਪਣੇ ਘਰ ਵਿੱਚ ਹੀ ਇੱਕ ਲਾਇਬਰੇਰੀ ਵੀ ਸਥਾਪਤ ਕੀਤੀ ਹੋਈ ਹੈ ਤਾਂ ਜੋ ਪਿੰਡ ਦੀ ਨੌਜਵਾਨ ਪੀੜ੍ਹੀ ਵਿੱਚ ਪੁਸਤਕਾਂ ਪੜ੍ਹਨ ਦੀ ਰੁਚੀ ਪੈਦਾ ਹੋ ਸਕੇ। ਦੇਸ਼ ਵਿਦੇਸ਼ ਤੋਂ ਲੋਕ ਇਸ ਅਜਾਇਬ ਘਰ ਨੂੰ ਵੇਖਣ ਆਉਂਦੇ ਹਨ। ਉਨ੍ਹਾਂ ਦੀ ਚਾਹ ਪਾਣੀ ਦੀ ਸੇਵਾ ਵੀ ਕੀਤੀ ਜਾਂਦੀ ਹੈ। ਉਸ ਨੂੰ ਕਈ ਸੰਸਥਾਵਾਂ ਨੇ ਸਨਮਾਨਤ ਵੀ ਕੀਤਾ ਹੈ, ਜਿਨ੍ਹਾਂ ਵਿੱਚ ਪੰਜਾਬੀ ਸੱਥ ਬਰਬਾਲੀ, ਲਾਲ ਚੰਦ ਯਮਲਾ ਜੱਟ ਸਭਿਆਚਾਰਕ ਕਮੇਟੀ ਪਿੰਡ ਲੁਹਾਰਾ ਮੋਗਾ, ਕੋਹਿਨੂਰ ਵੈਲਫੇਅਰ ਐਂਡ ਸਪੋਰਟਸ ਕਲੱਬ ਖੱਟਰਾਂ, ਪੰਜਾਬ ਯੂਥ ਫੋਰਮ ਮਾਛੀਵਾੜਾ ਸਾਹਿਬ, ਪੰਜਾਬ ਕਲਾ ਮੰਚ ਚਮਕੌਰ ਸਾਹਿਬ, ਮਾਣ ਪੰਜਾਬੀਆਂ ਤੇ ਅੰਤਰ-ਰਾਸ਼ਟਰੀ ਸਾਹਿਤਕ ਮੰਚ ਅਤੇ ਪ੍ਰਾਚੀਨ ਸ੍ਰੀ ਮੁਕਤੇਸ਼ਵਰ ਮਹਾਂ ਦੇਵ ਸ਼ਿਵ ਮੰਦਰ ਸਸਾਇਟੀ ਚਹਿਲਾਂ ਆਦਿ। ਤਸਵਿੰਦਰ ਸਿੰਘ ਬੜੈਚ ਦਾ ਜਨਮ ਸਮਰਾਲਾ ਤਹਿਸੀਲ ਜਿਲ੍ਹਾ ਲੁਧਿਆਣਾ ਦੇ ਪਿੰਡ ਦੀਵਾਲਾ ਵਿਖੇ 16 ਮਈ 1973 ਨੂੰ ਮਾਤਾ ਚਰਨਜੀਤ ਕੌਰ ਦੀ ਕੁੱਖੋਂ ਪਿਤਾ ਮੇਵਾ ਸਿੰਘ ਦੇ ਘਰ ਹੋਇਆ। ਉਸ ਨੇ ਪਹਿਲੀਆਂ ਤਿੰਨ ਕਲਾਸਾਂ ਪਿੰਡ ਦੇ ਸਕੂਲ, ਚੌਥੀ ਤੇ ਪੰਜਵੀਂ ਦਹਿੜੂ ਅਤੇ ਅੱਠਵੀਂ, ਨੌਵੀਂ ਤੇ ਦਸਵੀਂ ਸਰਕਾਰੀ ਹਾਈ ਸਕੂਲ ਨਾਗਰਾ ਤੋਂ ਪਾਸ ਕੀਤੀਆਂ।

# ਅਮਰੀਕਾ ਦੇ ਓਹੀਓ 'ਚ ਸਕੂਲ ਫੁੱਟਬਾਲ ਮੈਚ ਦੌਰਾਨ ਗੋਲੀਬਾਰੀ, ਤਿੰਨ ਜ਼ਖਮੀ




ਟੋਲੇਡੋ (ਓਹੀਓ), 9 ਅਕਤੂਬਰ (ਪੋਸਟ ਬਿਊਰੋ)- ਅਮਰੀਕਾ ਦੇ ਓਹੀਓ ਸੂਬੇ 'ਚ ਵਿਟਮਰ ਹਾਈ ਸਕੂਲ ਅਤੇ ਸੈਂਟਰਲ ਕੈਥੋਲਿਕ ਹਾਈ ਸਕੂਲ ਵਿਚਾਲੇ ਫੁੱਟਬਾਲ ਮੈਚ ਦੌਰਾਨ ਗੋਲੀਬਾਰੀ ਹੋਈ, ਜਿਸ ਕਾਰਨ ਤਿੰਨ ਲੋਕ ਜ਼ਖਮੀ ਹੋ ਗਏ। ਜ਼ਖ਼ਮੀਆਂ ਵਿੱਚ ਦੋ ਬਾਲਗ ਅਤੇ ਇੱਕ ਨਾਬਾਲਗ ਸ਼ਾਮਲ ਹੈ। ਪੁਲਿਸ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਟੋਲੇਡੋ ਪੁਲਿਸ ਵਿਭਾਗ ਨੇ ਸ਼ਨੀਵਾਰ ਨੂੰ ਇੱਕ ਬਿਆਨ ਵਿੱਚ ਕਿਹਾ, "ਲਗਭਗ ਸਵੇਰੇ 9:32 ਵਜੇ, ਮੈਚ ਦੌਰਾਨ ਡਿਊਟੀ ਕਰ ਰਹੇ ਇੱਕ ਟੋਲੇਡੋ ਪੁਲਿਸ ਅਧਿਕਾਰੀ ਨੇ ਲੂਕਾਸ ਕਾਉਂਟੀ ਡਿਸਪੈਚ ਨੂੰ ਸੂਚਿਤ ਕੀਤਾ ਕਿ ਵਿਟਮਰ ਮੈਮੋਰੀਅਲ ਸਟੇਡੀਅਮ ਵਿੱਚ ਗੋਲੀਆਂ ਚਲਾਈਆਂ ਜਾ ਰਹੀਆਂ ਹਨ।"

ਗੋਲੀਬਾਰੀ ਤੋਂ ਬਾਅਦ ਉਥੇ ਡਿਊਟੀ 'ਤੇ ਮੌਜੂਦ ਅਧਿਕਾਰੀਆਂ ਨੇ ਮੌਜੂਦ ਲੋਕਾਂ ਨੂੰ ਬਾਹਰ ਕੱਢਣਾ ਸ਼ੁਰੂ ਕਰ ਦਿੱਤਾ ਅਤੇ ਪੀੜਤਾਂ ਦੀ ਭਾਲ ਸ਼ੁਰੂ ਕਰ ਦਿੱਤੀ। ਅਧਿਕਾਰੀਆਂ ਨੂੰ ਫੁੱਟਬਾਲ ਮੈਦਾਨ ਦੇ ਨੇੜੇ ਤਿੰਨ ਜ਼ਖ਼ਮੀ ਮਿਲੇ ਹਨ।

ਪੁਲਸ ਨੇ ਦੱਸਿਆ ਕਿ ਵਾਧੂ ਪੁਲਸ ਟੀਮਾਂ ਅਤੇ ਟੋਲੇਡੋ ਫਾਇਰ ਐਂਡ ਰੈਸਕਿਊ ਟੀਮ ਦੇ ਮੌਕੇ 'ਤੇ ਪਹੁੰਚਣ ਤੋਂ ਬਾਅਦ ਪੀੜਤਾਂ ਦਾ ਇਲਾਜ ਸ਼ੁਰੂ ਕਰ ਦਿੱਤਾ ਗਿਆ। ਉਨ੍ਹਾਂ ਨੂੰ ਇਲਾਕੇ ਦੇ ਹਸਪਤਾਲਾਂ ਵਿੱਚ ਲਿਜਾਇਆ ਗਿਆ। ਜਦੋਂ ਇਹ ਤੈਅ ਹੋ ਗਿਆ ਕਿ ਹੁਣ ਕੋਈ ਖ਼ਤਰਾ ਨਹੀਂ ਹੈ, ਤਾਂ ਸਕੂਲ ਦੇ ਤਾਲੇ ਖੋਲ੍ਹ ਦਿੱਤੇ ਗਏ ਅਤੇ ਹਾਜ਼ਰ ਲੋਕਾਂ ਨੂੰ ਜਾਣ ਦਿੱਤਾ ਗਿਆ। ਪੁਲਿਸ ਨੇ ਕਿਹਾ, "ਇਸ ਸਮੇਂ ਹਿਰਾਸਤ ਵਿਚ ਕੋਈ ਸ਼ੱਕੀ ਨਹੀਂ ਹੈ। ਪੁਲਿਸ ਨੇ ਕਿਹਾ ਅਪਰਾਧੀ ਬਾਰੇ ਜਾਣਕਾਰੀ ਦੇਣ ਵਾਲੇ ਗਵਾਹ ਨੂੰ 5,000 ਅਮਰੀਕੀ ਡਾਲਰ ਤੱਕ ਦਾ ਨਕਦ ਇਨਾਮ ਦਿੱਤਾ ਗਿਆ ਸੀ।

# ਮੀਂਹ ਕਾਰਨ ਕੰਧ ਡਿੱਗਣ ਨਾਲ ਇੱਕੋ ਪਰਿਵਾਰ ਦੇ 5 ਬੱਚੇ ਦੱਬੇ, ਨੌਜਵਾਨ ਦੀ ਮੌਤ



ਬੁਲੰਦਸ਼ਹਿਰ, 9 ਅਕਤੂਬਰ (ਪੋਸਟ ਬਿਊਰੋ)- ਦੇਸ਼ ਦੇ ਕਈ ਸੂਬਿਆਂ 'ਚ ਪੈ ਰਹੀ ਬਾਰਿਸ਼ ਹੁਣ ਜਾਨਲੇਵਾ ਸਾਬਤ ਹੋ ਰਹੀ ਹੈ। ਉੱਤਰ ਪ੍ਰਦੇਸ਼ ਦੇ ਬੁਲੰਦਸ਼ਹਿਰ 'ਚ ਬਾਰਿਸ਼ ਦੌਰਾਨ ਵੱਡਾ ਹਾਦਸਾ ਵਾਪਰਿਆ ਹੈ। ਇੱਥੇ ਇੱਕ ਘਰ ਦੀ ਕੰਧ ਡਿੱਗਣ ਨਾਲ ਇੱਕੋ ਪਰਿਵਾਰ ਦੇ ਪੰਜ ਬੱਚੇ ਦੱਬ ਗਏ। ਪਿੰਡ ਵਾਸੀਆਂ ਨੇ ਪਰਿਵਾਰਕ ਮੈਂਬਰਾਂ ਨੂੰ ਮਲਬੇ ਹੇਠੋਂ ਬਾਹਰ ਕੱਢਿਆ। ਇਸ ਘਟਨਾ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ ਹੈ। ਇਸ ਦੇ ਨਾਲ ਹੀ ਇਕ ਲੜਕੀ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਅਤੇ ਪ੍ਰਸ਼ਾਸਨ ਦੇ ਲੋਕ ਵੀ ਮੌਕੇ 'ਤੇ ਪਹੁੰਚ ਗਏ।

ਇਹ ਘਟਨਾ ਬੁਲੰਦਸ਼ਹਿਰ ਦੇ ਥਾਣਾ ਰਾਮਘਾਟ ਇਲਾਕੇ ਦੇ ਪਿੰਡ ਮਹਾਰਾਜਪੁਰ ਰਤਵਾ ਨਗਲਾ ਦੀ ਹੈ। ਇੱਥੇ ਲਗਾਤਾਰ ਹੋ ਰਹੀ ਬਰਸਾਤ ਕਾਰਨ ਇਕ ਕੰਧ ਡਿੱਗਣ ਕਾਰਨ ਹਾਦਸਾ ਵਾਪਰ ਗਿਆ। ਜਿਸ ਦੇ ਹੇਠਾਂ ਇੱਕੋ ਪਰਿਵਾਰ ਦੇ ਪੰਜ ਬੱਚੇ ਦੱਬੇ ਗਏ। ਪਿੰਡ ਵਾਸੀਆਂ ਨੇ ਬੱਚਿਆਂ ਨੂੰ ਕੰਧ ਦੇ ਮਲਬੇ ਹੇਠੋਂ ਬਾਹਰ ਕੱਢਿਆ। ਪੁਲਸ ਮੁਤਾਬਕ ਇਸ ਘਟਨਾ 'ਚ ਇਕ ਨੌਜਵਾਨ ਦੀ ਮੌਤ ਹੋ ਗਈ ਹੈ। ਇਸ ਦੇ ਨਾਲ ਹੀ ਚਾਰ ਬੱਚਿਆਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਉਸ ਨੂੰ ਰੈਫਰ ਕਰ ਦਿੱਤਾ ਗਿਆ ਹੈ।

ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਅਤੇ ਪ੍ਰਸ਼ਾਸਨ ਮੌਕੇ 'ਤੇ ਪਹੁੰਚ ਗਿਆ। ਮੌਕੇ 'ਤੇ ਰਾਹਤ ਅਤੇ ਬਚਾਅ ਕੰਮ ਕੀਤਾ ਜਾ ਰਿਹਾ ਹੈ। ਇਸ ਘਟਨਾ ਤੋਂ ਬਾਅਦ ਪਿੰਡ ਵਾਸੀ ਕਾਫੀ ਸਦਮੇ 'ਚ ਹਨ।

# ਦਿੱਲੀ ਦੇ ਲਾਹੌਰੀ ਗੇਟ ਇਲਾਕੇ 'ਚ ਇਮਾਰਤ ਡਿੱਗਣ ਨਾਲ ਬੱਚੇ ਦੀ ਮੌਤ

* ਕਈਆਂ ਦੇ ਮਲਬੇ 'ਚ ਦੱਬੇ ਹੋਣ ਦਾ ਖਦਸ਼ਾ



ਨਵੀਂ ਦਿੱਲੀ, 9 ਅਕਤੂਬਰ (ਪੋਸਟ ਬਿਊਰੋ)- ਦਿੱਲੀ ਵਿਚ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ। ਇਸ ਕਾਰਨ ਬਰਸਾਤ ਨਾਲ ਸਬੰਧਤ ਹਾਦਸਿਆਂ ਦੇ ਮਾਮਲੇ ਲਗਾਤਾਰ ਸਾਹ-ਮਣੇ ਆ ਰਹੇ ਹਨ। ਐਤਵਾਰ ਨੂੰ ਦਿੱਲੀ ਦੇ ਲਾਹੌਰੀ ਗੇਟ ਇਲਾਕੇ 'ਚ ਵੱਡਾ ਹਾਦਸਾ ਵਾਪਰ ਗਿਆ। ਇੱਥੇ ਇੱਕ ਘਰ ਢਹਿ ਗਿਆ। ਇਸ ਹਾਦਸੇ ਵਿੱਚ ਚਾਰ ਸਾਲਾ ਬੱਚੇ ਦੀ ਮੌਤ ਹੋ ਗਈ ਹੈ। ਇਸ ਦੇ ਨਾਲ ਹੀ ਇਸ ਹਾਦਸੇ 'ਚ ਚਾਰ ਹੋਰ ਲੋਕ ਵੀ ਜ਼ਖਮੀ ਹੋਏ ਹਨ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜ-ਾਇਆ ਗਿਆ ਹੈ। ਘਟਨਾ ਵਿੱਚ ਜ਼ਖ਼ਮੀ ਹੋਏ ਵਿਅਕਤੀਆਂ ਦੀ ਪਛਾਣ ਅਮਰਾ, ਨੀਲੋਫਰ, ਮੁਹੰਮਦ ਵਜੋਂ ਹੋਈ ਹੈ। ਇਮਰਾਨ, ਬੇਗਮ ਵਜੋਂ ਸਰਕਾਰ, ਸੁਖਬੀਰ, ਅੰਕਿਤ, ਅਸ਼ੋਕ ਅਤੇ ਸਈਦ ਜੀਸ਼ਾਨ। ਇਸ ਦੇ ਨਾਲ ਹੀ ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਘਰ ਵਿੱਚ ਤਿੰਨ-ਚਾਰ ਹੋਰ ਲੋਕ ਅਜੇ ਵੀ ਫਸੇ ਹੋਏ ਹਨ। ਉਨ੍ਹਾਂ ਨੂੰ ਕੱਢਣ ਲਈ ਮੌਕੇ 'ਤੇ ਬਚਾਅ ਅਤੇ ਰਾਹਤ ਕਾਰਜ ਕੀਤੇ ਜਾ ਰਹੇ ਹਨ।

ਲਾਹੌਰੀ ਗੇਟ ਇਲਾਕੇ ਦੇ ਫਰਾਸ਼ ਖਾਨਾ ਸਥਿਤ ਮਕਾਨ ਨੰਬਰ 1523 ਢਹਿ ਗਿਆ। ਇਸ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਸ਼ਾਮ 7.30 ਵਜੇ ਦੇ ਕਰੀਬ ਦਿੱਤੀ ਗਈ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਪੰਜ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ। ਹਾਦਸੇ ਤੋਂ ਬਾਅਦ ਮਕਾਨ ਦੇ ਮਲਬੇ 'ਚੋਂ 5 ਲੋਕਾਂ ਨੂੰ ਬਚਾਇਆ ਗਿਆ ਹੈ, ਜਿਨ੍ਹਾਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ 'ਚ ਭੇਜਿਆ ਗਿਆ ਹੈ। ਇਨ੍ਹਾਂ ਵਿੱਚੋਂ ਇੱਕ ਚਾਰ ਸਾਲ ਦੇ ਬੱਚੇ ਦੀ ਮੌਤ ਹੋ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਇਮਾਰਤ 'ਚ ਅਜੇ ਵੀ ਤਿੰਨ ਤੋਂ ਚਾਰ ਲੋਕ ਫਸੇ ਹੋ ਸਕਦੇ ਹਨ।

# ਇੱਕ ਹੋਰ ਪਰਬਤਾਰੋਹੀ ਦੀ ਲਾਸ਼ ਬਰਾਮਦ, ਹੁਣ ਤੱਕ ਕੁੱਲ 27 ਲਾਸ਼ਾਂ ਬਰਾਮਦ

ਉੱਤਰਕਾਸ਼ੀ, 9 ਅਕਤੂਬਰ (ਪੋਸਟ ਬਿਊਰੋ)- ਉੱਤਰਕਾਸ਼ੀ 'ਚ ਦ੍ਰੋਪਦੀ ਕਾ ਡੰਡਾ ਚੋਟੀ 'ਤੇ ਮੰਗਲਵਾਰ ਨੂੰ ਬਰਫੀਲੇ ਤੂਫਾਨ ਕਾਰਨ ਲਾਪਤਾ ਪਰਬਤਾਰੋਹੀਆਂ 'ਚੋਂ ਇਕ ਹੋਰ ਦੀ ਲਾਸ਼ ਸ਼ਨੀਵਾਰ ਨੂੰ ਬਰਾਮਦ ਕੀਤੀ ਗਈ। ਹਾਦਸੇ ਵਿੱਚ ਲਾਪਤਾ ਹੋਏ 29 ਪਰਬਤਾਰੋਹੀਆਂ ਵਿੱਚੋਂ ਹੁਣ ਤੱਕ 27 ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਇਸ ਦੇ ਨਾਲ ਹੀ ਸ਼ਨੀਵਾਰ ਤੱਕ ਸੱਤ ਪਰਬਤਾਰੋਹੀਆਂ ਦੀਆਂ ਲਾਸ਼ਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪ ਦਿੱਤੀਆਂ ਗਈਆਂ। ਨਹਿਰੂ ਇੰਸਟੀਚਿਊਟ ਆਫ਼ ਮਾਊਂਟੇਨੀਅਰਿੰਗ (ਐਨਆਈਐਮ) ਦੇ ਅਨੁਸਾਰ, ਐਨਆਈਐਮ ਦੇ 29 ਪਰਬਤਾਰੋਹੀ 4 ਅਕਤੂਬਰ ਨੂੰ ਚੜ੍ਹਾਈ ਤੋਂ ਬਾਅਦ ਵਾਪਸ ਪਰਤਦੇ ਸਮੇਂ 17,000 ਫੁੱਟ ਦੀ ਉਚਾਈ 'ਤੇ ਦਰੋਪਦੀ ਕਾ ਡੰਡਾ-2 ਚੋਟੀ 'ਤੇ ਬਰਫ਼ ਦੇ ਤੋਦੇ ਦੀ ਲਪੇਟ ਵਿੱਚ ਆ ਗਏ ਸਨ।

ਸੰਸਥਾ ਨੇ ਦੱਸਿਆ ਕਿ ਇਕ ਹੋਰ ਲਾਸ਼ ਮਿਲਣ ਨਾਲ ਹੁਣ ਤੱਕ ਕੁੱਲ 27 ਪਰਬਤਾਰੋਹੀਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ, ਜਦਕਿ ਦੋ ਅਜੇ ਵੀ ਲਾਪਤਾ ਹਨ। ਸੰਸਥਾ ਨੇ ਕਿਹਾ ਕਿ ਚਾਰ ਪਰਬਤਾਰੋਹੀਆਂ ਦੀਆਂ ਲਾਸ਼ਾਂ ਉੱਤਰਕਾਸ਼ੀ ਵਿੱਚ ਹੀ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪ ਦਿੱਤੀਆਂ ਗਈਆਂ ਹਨ। ਇਸ ਦੇ ਨਾਲ ਹੀ ਆਸਾਮ, ਮੇਘਾਲਿਆ ਅਤੇ ਉੱਤਰ ਪ੍ਰਦੇਸ਼ ਦੇ ਤਿੰਨ ਪਰਬਤਾਰੋਹੀ ਸਿਖਿਆਰਥੀਆਂ ਦੀਆਂ ਲਾਸ਼ਾਂ ਨੂੰ ਦੇਹਰਾਦੂਨ ਸਥਿਤ ਜੌਲੀ ਗ੍ਰਾਂਟ ਦੇ ਹਿਮਾਲੀਅਨ ਹਸਪਤਾਲ ਭੇਜ ਦਿੱਤਾ ਗਿਆ ਹੈ, ਜਿੱਥੋਂ ਉਨ੍ਹਾਂ ਨੂੰ ਉਨ੍ਹਾਂ ਦੇ ਘਰ ਲਿਜਾਇਆ ਜਾਵੇਗਾ।

# ਰੂਸ ਦਾ ਯੂਕਰੇਨ ਦੇ ਜ਼ਪੋਰੀਝਿਆ ਸ਼ਹਿਰ 'ਤੇ ਜ਼ਬਰਦਸਤ ਹਮਲਾ, 17 ਮਾਰੇ ਗਏ



ਜ਼ਪੋਰੀਝਿਆ, 9 ਅਕਤੂਬਰ (ਪੋਸਟ ਬਿਊਰੋ)- ਬੀਤੀ ਰਾਤ ਰੂਸ ਨੇ ਯੂਕਰੇਨ ਦੇ ਇੱਕ ਸ਼ਹਿਰ 'ਤੇ ਰਾਕੇਟ ਹਮਲਾ ਕੀਤਾ। ਇਸ ਹਮਲੇ 'ਚ ਘੱਟੋ-ਘੱਟ 17 ਲੋਕਾਂ ਦੀ ਮੌਤ ਹੋ ਗਈ ਹੈ। ਯੂਕਰੇਨ ਦੇ ਇਕ ਉੱਚ ਅਧਿਕਾਰੀ ਨੇ ਇਸ ਮਾਮਲੇ ਦੀ ਜਾਣਕਾਰੀ ਦਿੱਤੀ। ਉਸ ਨੇ ਦੱਸਿਆ ਕਿ ਯੂਕਰੇਨ ਦੇ ਜ਼ਪੋਰਿਜ਼ਝਿਆ ਸ਼ਹਿਰ ਵਿੱਚ ਬੀਤੀ ਰਾਤ ਇੱਕ ਅਪਾਰਟਮੈਂਟ ਉੱਤੇ ਰੂਸੀ ਹਮਲੇ ਵਿੱਚ ਘੱਟੋ-ਘੱਟ 17 ਲੋਕ ਮਾਰੇ ਗਏ ਹਨ।

ਸਿਟੀ ਕੌਂਸਲ ਦੇ ਸਕੱਤਰ ਅਨਾਤੋਲੀ ਕੁਰਤੇਵ ਨੇ ਕਿਹਾ ਕਿ ਬੀਤੀ ਰਾਤ ਸ਼ਹਿਰ 'ਤੇ ਰਾਕੇਟ ਦਾਗੇ ਗਏ, ਜਿਸ ਨਾਲ ਘੱਟੋ-ਘੱਟ ਪੰਜ ਘਰ ਤਬਾਹ ਹੋ ਗਏ ਅਤੇ 40 ਹੋਰ ਲੋਕਾਂ ਨੂੰ ਨੁਕਸਾਨ ਪਹੁੰਚਿਆ। ਯੂਕਰੇਨ ਦੀ ਫੌਜ ਨੇ ਵੀ ਹਮਲੇ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਦਰਜਨਾਂ ਲੋਕ ਜ਼ਖਮੀ ਹੋਏ ਹਨ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਕ੍ਰੀਮੀਅਨ ਪ੍ਰਾਇਦੀਪ ਨੂੰ ਰੂਸ ਨਾਲ ਜੋੜਨ ਵਾਲੇ ਪੁਲ 'ਤੇ ਧਮਾਕਾ ਹੋਇਆ ਸੀ, ਜਿਸ ਕਾਰਨ ਪੁਲ ਅੰਸ਼ਕ ਤੌਰ 'ਤੇ ਢਹਿ ਗਿਆ ਸੀ।

ਰੂਸ ਇਸ ਪੁਲ ਰਾਹੀਂ ਦੱਖਣੀ ਯੂਕਰੇਨ ਵਿੱਚ ਜੰਗ ਲਈ ਫੌਜੀ ਸਾਜ਼ੋ-ਸਾਮਾਨ ਭੇਜਦਾ ਹੈ। ਜ਼ਪੋਰਿਜ਼ੀਆ ਨੂੰ ਹਾਲ ਹੀ ਦੇ ਹਫ਼ਤਿਆਂ ਵਿੱਚ ਕਈ ਵਾਰ ਨਿਸ਼ਾਨਾ ਬਣਾਇਆ ਗਿਆ ਹੈ। ਇਹ ਯੂਕਰੇਨ ਦੁਆਰਾ ਨਿਯੰਤਰਿਤ ਖੇਤਰ ਵਿੱਚ ਪੈਂਦਾ ਹੈ, ਜਿਸ ਉੱਤੇ ਰੂਸ ਨੇ ਪਿਛਲੇ ਹਫ਼ਤੇ ਕਬਜ਼ਾ ਕਰ ਲਿਆ ਸੀ। ਇਸ ਖੇਤਰ ਦਾ ਇੱਕ ਹਿੱਸਾ ਇਸ ਸਮੇਂ ਰੂਸ ਦੇ ਕਬਜ਼ੇ ਹੇਠ ਹੈ। ਇਹ ਉਹ ਥਾਂ ਹੈ ਜਿੱਥੇ ਜ਼ਪੋਰੀਝਜ਼ਿਆ ਨਿਊਕਲੀਅਰ ਪਾਵਰ ਪਲਾਂਟ ਸਥਿਤ ਹੈ, ਜਿਸ ਨੂੰ ਯੂਰਪ ਦਾ ਸਭ ਤੋਂ ਵੱਡਾ ਪਾਵਰ ਪਲਾਂਟ ਕਿਹਾ ਜਾਂਦਾ ਹੈ।

# ਪ੍ਰੇਮ ਸਬੰਧਾਂ ਦੇ ਸ਼ੱਕ 'ਚ ਵਿਅਕਤੀ ਦੀ ਕੁੱਟ-ਕੁੱਟ ਕੇ ਹੱਤਿਆ

ਕੋਟਾ, 9 ਅਕਤੂਬਰ (ਪੋਸਟ ਬਿਊਰੋ)- ਰਾਜਸਥਾਨ ਦੇ ਕੋਟਾ ਸ਼ਹਿਰ 'ਚ ਪ੍ਰੇਮ ਸਬੰਧਾਂ ਦੇ ਸ਼ੱਕ 'ਚ ਇਕ ਔਰਤ ਦੇ ਤਿੰਨ ਰਿਸ਼ਤੇਦਾਰਾਂ ਨੇ 40 ਸਾਲਾ ਵਿਅਕਤੀ ਦੀ ਕਥਿਤ ਤੌਰ 'ਤੇ ਕੁੱਟ-ਕੁੱਟ ਕੇ ਹੱਤਿਆ ਕਰ ਦਿੱਤੀ। ਪੁਲਸ ਮੁਤਾਬਕ ਬੀਠਲ ਸ਼ਰਮਾ ਨਾਂ ਦੇ ਵਿਅਕਤੀ ਜੋ ਬੁੱਧਵਾਰ ਰਾਤ ਦੁਸਹਿਰੇ ਦੇ ਪ੍ਰੋਗਰਾਮ 'ਚ ਸ਼ਾਮਲ ਹੋ ਕੇ ਘਰ ਪਰਤ ਰਹੇ ਸਨ, 'ਤੇ ਹਮਲਾ ਕੀਤਾ ਗਿਆ। ਇਹ ਘਟਨਾ ਬਾਰਨ ਸਿਟੀ ਥਾਣਾ ਖੇਤਰ ਦੇ ਅਤਰੂ ਰੋਡ 'ਤੇ ਸਥਿਤ ਕੁੰਜਵਿਹਾਰ ਕਾਲੋਨੀ ਦੀ ਹੈ। ਬਾਰਾਨ ਸਿਟੀ ਥਾਣੇ ਦੇ ਇੰਚਾਰਜ ਮੰਗਲਾਲ ਯਾਦਵ ਨੇ ਦੱਸਿਆ ਕਿ ਤਿੰਨਾਂ ਮੁਲਜ਼ਮਾਂ ਨੇ ਆਟੋਰਿਕਸ਼ਾ ਚਾਲਕ ਬਿੱਠਲ ਸ਼ਰਮਾ 'ਤੇ ਡੰਡਿਆਂ ਅਤੇ ਲੋਹੇ ਦੀਆਂ ਰਾਡਾਂ ਨਾਲ ਹਮਲਾ ਕੀਤਾ ਅਤੇ ਫ਼ਰਾਰ ਹੋ ਗਏ। ਮੰਗਲਾਲ ਯਾਦਵ ਦੇ ਅਨੁਸਾਰ ਗੰਭੀਰ ਰੂਪ ਵਿੱਚ ਜ਼ਖਮੀ ਸ਼ਰਮਾ ਨੂੰ ਸਥਾਨਕ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਡਿਪਟੀ ਸੁਪਰਡੈਂਟ ਆਫ ਪੁਲਿਸ (ਡੀਐਸਪੀ) ਮਨੋਜ ਗੁਪਤਾ ਨੇ ਇਸ ਹਮਲੇ ਦਾ ਕਾਰਨ ਬੀਠਲ ਸ਼ਰਮਾ ਅਤੇ ਨੇੜਲੀ ਕਾਲੋਨੀ ਦੀ ਇੱਕ ਔਰਤ ਵਿਚਕਾਰ ਪ੍ਰੇਮ ਸਬੰਧ ਦੱਸਿਆ ਹੈ।

# ਇਜ਼ਰਾਈਲ ਵਿਚ ਜਨਮਦਿਨ ਪਾਰਟੀ ਦੌਰਾਨ ਭਾਰਤੀ ਮੂਲ ਦੇ ਨੌਜਵਾਨ ਦੀ ਚਾਕੂ ਮਾਰ ਕੇ ਹੱਤਿਆ



ਯੇਰੂਸ਼ਲਮ 9 ਅਕਤੂਬਰ (ਪੋਸਟ ਬਿਊਰੋ)- ਇੱਕ ਸਾਲ ਤੋਂ ਵੀ ਘੱਟ ਸਮਾਂ ਪਹਿਲਾਂ ਭਾਰਤ ਤੋਂ ਇਜ਼ਰਾਈਲ ਪਹੁੰਚੇ ਉੱਤਰ-ਪੂਰਬੀ ਭਾਰਤੀ ਯਹੂਦੀ ਭਾਈਚਾਰੇ ਦੇ ਬੇਨੀ ਮੇਨਾਸ਼ੇ ਨਾਲ ਸਬੰਧਤ ਇੱਕ ਕਿਸ਼ੋਰ ਨੂੰ ਜਨਮ ਦਿਨ ਦੀ ਪਾਰਟੀ ਦੌਰਾਨ ਹੋਏ ਝਗੜੇ ਵਿੱਚ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ। ਸ਼ੁੱਕਰਵਾਰ ਨੂੰ ਮੀਡੀਆ ਰਿਪੋਰਟਾਂ ਵਿੱਚ ਦੱਸਿਆ ਗਿਆ ਕਿ ਇਹ ਘਟਨਾ ਉੱਤਰੀ ਇਜ਼ਰਾਈਲ ਦੇ ਕਿਰਿਆਤ ਸ਼ਮੋਨਾ ਵਿੱਚ ਵਾਪਰੀ। ਜਾਣਕਾਰੀ ਮੁਤਾਬਕ ਜੋਏਲ ਲੇਹਿੰਗੇਲ ਆਪਣੇ ਪਰਿਵਾਰ ਸਮੇਤ ਇਕ ਸਾਲ ਪਹਿਲਾਂ ਭਾਰਤ ਤੋਂ ਇਜ਼ਰਾਈਲ ਦੇ ਸ਼ਹਿਰ ਕਿਰਿਆਤ ਸ਼ਮੋਮਾ ਪਹੁੰਚਿਆ ਸੀ। ਉਹ ਭਾਰਤ ਤੋਂ ਕਿਸੇ ਦੋਸਤ ਨੂੰ ਮਿਲਣ ਲਈ ਨੋਫ ਹਗਿਲ ਗਿਆ ਸੀ। ਇਜ਼ਰਾਈਲ ਵਿੱਚ ਭਾਰਤੀ ਯਹੂਦੀ ਭਾਈਚਾਰੇ ਲਈ ਕੰਮ ਕਰਨ ਵਾਲੇ ਮੀਰ ਪੈਲਟੀਏਲ ਨੇ ਨਿਊਜ਼ ਪੋਰਟਲ ਯਨੈੱਟ ਨੂੰ ਦੱਸਿਆ ਕਿ ਜਨਮਦਿਨ ਦੀ ਪਾਰਟੀ ਵਿੱਚ 20 ਤੋਂ ਵੱਧ ਕਿਸ਼ੋਰਾਂ ਵਿਚਕਾਰ ਝਗੜਾ ਹੋਇਆ ਸੀ, ਜਿਸ ਵਿੱਚ ਲੇਹਿਨਹੇਲ ਵੀ ਸ਼ਾਮਲ ਸੀ। ਪੇਲਟੀਏਲ ਦੇ ਅਨੁਸਾਰ, ਲੇਹਨਿਨਹਾਲ ਨੇ ਘਰ ਵਾਪਸ ਆਉਣਾ ਸੀ ਪਰ ਸ਼ੁੱਕਰਵਾਰ ਸਵੇਰੇ 7 ਵਜੇ ਇੱਕ ਦੋਸਤ ਨੇ ਪਰਿਵਾਰ ਨੂੰ ਫੋਨ ਕੀਤਾ ਅਤੇ ਦੱਸਿਆ ਕਿ ਬੀਤੀ ਰਾਤ ਉਸਦੀ (ਲੇਹਨਿਨਹਾਲ) ਦੀ ਲੜਾਈ ਹੋਈ ਸੀ ਅਤੇ ਉਹ ਜ਼ਖਮੀ ਹੋਣ ਕਾਰਨ ਹਸਪਤਾਲ ਵਿੱਚ ਸੀ। ਪਰਿਵਾਰ ਦੇ ਮੈਂਬਰਾਂ ਨੇ ਅਜੇ ਹਸਪਤਾਲ ਜਾਣ ਦਾ ਇੰਤਜ਼ਾਮ ਕਰਨਾ ਸੀ ਕਿ ਜੋਏਲ ਲੇਹਨਿੰਘੇਲ ਦੀ ਮੌਤ ਹੋ ਗਈ ਸੀ। ਪੁਲਸ ਨੇ ਘਟਨਾ ਵਿੱਚ ਸ਼ਾਮਲ ਹੋਣ ਦੇ ਸ਼ੱਕ ਵਿੱਚ ਨੇੜਲੇ ਕਸਬੇ ਚਤਜ਼ੋਰ ਹੈਗਲਿਟ ਤੋਂ ਇੱਕ 15 ਸਾਲਾ ਨੌਜਵਾਨ ਨੂੰ ਗ੍ਰਿਫਤਾਰ ਕੀਤਾ ਹੈ। ਨਿਊਜ਼ ਪੇਪਰ ਟਾਈਮਜ਼ ਆਫ਼ ਇਜ਼ਰਾਈਲ ਮੁਤਾਬਕ ਪੁਲਿਸ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਨ੍ਹਾਂ ਨੇ 13 ਤੋਂ 15 ਸਾਲ ਦੀ ਉਮਰ ਦੇ ਸੱਤ ਹੋਰ ਕਿਸ਼ੋਰਾਂ ਨੂੰ ਵੀ ਹਿਰਾਸਤ ਵਿੱਚ ਲਿਆ ਹੈ।


# ਪਾਕਿਸਤਾਨ 'ਚ ਤਨਖਾਹ ਵਧਾਉਣ ਦੀ ਮੰਗ ਕਰ ਰਹੇ ਸਕੂਲ ਅਧਿਆਪਕਾਂ 'ਤੇ ਵਰ੍ਹੀਆਂ ਡਾਂਗਾਂ ਅਤੇ ਅੱਥਰੂ ਗੈਸ ਦੇ ਗੋਲੇ



ਪੇਸ਼ਾਵਰ, 9 ਅਕਤੂਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਪੇਸ਼ਾਵਰ 'ਚ ਪੁਲਿਸ ਨੇ ਪ੍ਰਦਰਸ਼ਨ ਕਰ ਰਹੇ ਸਕੂਲ ਅਧਿਆਪਕਾਂ 'ਤੇ ਸਖ਼ਤ ਕਾਰਵਾਈ ਕੀਤੀ। ਪਾਕਿਸਤਾਨੀ ਅਖਬਾਰ ਡਾਨ ਮੁਤਾਬਕ ਤਨਖਾਹ ਵਧਾਉਣ ਦੀ ਮੰਗ ਨੂੰ ਲੈ ਕੇ ਵੱਡੀ ਰੈਲੀ ਕਰ ਰਹੇ ਅਧਿਆਪਕਾਂ ਨੂੰ ਰੋਕਣ ਲਈ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਚਲਾਏ ਗਏ। ਇਸ ਤੋਂ ਬਾਅਦ ਦਰਜਨਾਂ ਸਕੂਲ ਅਧਿਆਪਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਦੀ ਕਾਰਵਾਈ ਦਾ ਵਿਰੋਧ ਕਰਦਿਆਂ ਖੈਬਰ ਪਖਤੂਨਖਵਾ ਦੇ ਪ੍ਰਾਇਮਰੀ ਸਕੂਲ ਟੀਚਰ ਐਸੋਸੀਏਸ਼ਨ ਨੇ ਐਲਾਨ ਕੀਤਾ ਹੈ ਕਿ ਇਲਾਕੇ ਦੇ ਸਾਰੇ ਸਰਕਾਰੀ ਪ੍ਰਾਇਮਰੀ ਸਕੂਲ ਅੱਜ ਤੋਂ ਬੰਦ ਰਹਿਣਗੇ। ਪਾਕਿਸਤਾਨ ਦੇ ਅਧਿਆਪਕਾਂ ਨੇ ਆਪਣੀ ਐਸੋਸੀਏਸ਼ਨ ਦੇ ਸੱਦੇ 'ਤੇ ਲੜਕਿਆਂ ਦੇ 15,000 ਸਰਕਾਰੀ ਪ੍ਰਾਇਮਰੀ ਸਕੂਲਾਂ ਨੂੰ ਬੰਦ ਕਰ ਦਿੱਤਾ ਸੀ ਅਤੇ ਰੈਲੀ 'ਚ ਹਿੱਸਾ ਲੈਣ ਆਏ ਸਨ। ਹਜ਼ਾਰਾਂ ਅਧਿਆਪਕ ਖੈਬਰ ਪਖਤੂਨਖਵਾ ਅਸੈਂਬਲੀ ਦੇ ਬਾਹਰ ਇਕੱਠੇ ਹੋਏ ਅਤੇ ਖੈਬਰ ਰੋਡ 'ਤੇ ਆਵਾਜਾਈ ਠੱਪ ਕਰ ਦਿੱਤੀ। ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਜਾਮ ਲਾਇਆ ਗਿਆ।

ਦਿ ਨੇਸ਼ਨ ਨਿਊਜ਼ ਮੁਤਾਬਕ ਪੁਲਿਸ ਦੀ ਕਾਰਵਾਈ ਵਿੱਚ ਕਈ ਸਕੂਲ ਅਧਿਆਪਕਾਂ ਨੂੰ ਸੱਟਾਂ ਲੱਗੀਆਂ ਹਨ। ਪੇਸ਼ਾਵਰ ਵਿੱਚ ਨਾਰਾਜ਼ ਪ੍ਰਦਰਸ਼ਨਕਾਰੀਆਂ ਦੀ ਪੁਲਿਸ ਨਾਲ ਝੜਪ ਹੋ ਗਈ। ਪੁਲੀਸ ਸੂਤਰਾਂ ਅਨੁਸਾਰ ਵਿਧਾਨ ਸਭਾ ਚੌਕ ਨੇੜੇ ਅੱਥਰੂ ਗੈਸ ਦੇ ਗੋਲੇ ਛੱਡੇ ਜਾਣ ਕਾਰਨ ਦੋ ਪੁਲੀਸ ਮੁਲਾਜ਼ਮ ਤੇ ਕਈ ਅਧਿਆਪਕ ਜ਼ਖ਼ਮੀ ਹੋ ਗਏ। ਪ੍ਰਦਰਸ਼ਨਕਾਰੀਆਂ ਨੇ ਪੁਲਿਸ 'ਤੇ ਪਥਰਾਅ ਵੀ ਕੀਤਾ।


ਮੈਗਜ਼ੀਨ ਅਨੁਸਾਰ ਕਈ ਅੱਥਰੂ ਗੈਸ ਦੇ ਗੋਲੇ ਛੱਡਣ ਅਤੇ ਲਾਠੀਚਾਰਜ ਕਰਨ ਦੇ ਬਾਵਜੂਦ ਵੀ ਪੁਲੀਸ ਪ੍ਰਦਰਸ਼ਨਕਾਰੀਆਂ ਨੂੰ ਉਥੋਂ ਨਹੀਂ ਹਟਾ ਸਕੀ ਅਤੇ ਪ੍ਰਦਰਸ਼ਨਕਾਰੀ ਧਰਨੇ ਵਾਲੀ ਥਾਂ 'ਤੇ ਹੀ ਡਟੇ ਰਹੇ। ਜ਼ਖਮੀਆਂ ਨੂੰ ਸਥਾਨਕ ਹਸਪਤਾਲ ਲਿਜਾਇਆ ਗਿਆ ਹੈ। ਸਾਬਕਾ ਪ੍ਰਧਾਨ ਮੰਤਰੀ ਇਮ-ਰਾਨ ਖਾਨ ਦੀ ਪਾਰਟੀ ਪੀਟੀਆਈ ਖੈਬਰ ਪਖਤੂਨਖਵਾ ਵਿੱਚ ਸਰਕਾਰ ਵਿੱਚ ਹੈ। ਕੇਂਦਰ ਵਿੱਚ ਸ਼ਾਹਬਾਜ਼ ਸ਼ਰੀਫ਼ ਦੀ ਸਰਕਾਰ ਹੈ। ਦੇਸ਼ ਦੀ ਸੂਚਨਾ ਅਤੇ ਪ੍ਰਸਾਰਣ ਮੰਤਰੀ ਮਰੀਅਮ ਔਰੰਗਜ਼ੇਬ ਨੇ ਅਧਿਆਪਕਾਂ 'ਤੇ ਪੁਲਿਸ ਕਾਰਵਾਈ ਦੀ ਨਿੰਦਾ ਕੀਤੀ ਹੈ।

















## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**






## ਲੜਕੇ ਦੀ ਲੋੜ

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com












## We are looking for:




* General Labours
* Forklift Operators
* Window assemblers
* Production Line Workers
* Machine Operators
* AZ Driver, Shippers/Receivers Packagers

Only Full Time Position Available

**Must be eligible to work in Canada & communication in English**

**Please call us: 416-514-0733**

